ੴ ਸਤਿਗੁਰ ਪ੍ਰਸਾਦਿ ॥
ਸੰਧਿਆ ਨਿਤਨੇਮ
ਸੰਪ੍ਰਦਾਇ
ਦਲ ਬਾਬਾ ਦੀਪ ਸਿੰਘ ਜੀ ਸ਼ਹੀਦ
ਗੁਰਦੁਆਰਾ ਸ਼ਹੀਦੀ ਬਾਗ਼
ਸ੍ਰੀ ਅਨੰਦਪੁਰ ਸਾਹਿਬ

ੴ ਸਤਿਗੁਰ ਪ੍ਰਸਾਦਿ ॥
ਸੰਧਿਆ ਨਿਤਨੈਮ
ਪ੍ਰਕਾਸ਼ਕ:
ਸੰਪ੍ਰਦਾਇ ਦਲ ਬਾਬਾ ਦੀਪ ਸਿੰਘ ਜੀ ਸ਼ਹੀਦ
ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ
ਸ੍ਰੀ ਬਾਬਾ ਬਕਾਲਾ ਸਾਹਿਬ
ਗੁਰਦੁਆਰਾ ਸ਼ਹੀਦੀ ਬਾਗ, ਸ੍ਰੀ ਅਨੰਦਪੁਰ ਸਾਹਿਬ

# ਮੂਲ ਮੰਤ੍ਰ

ੴ ਸਤਿਨਾਮੁ ਕਰਤਾ ਪੁਰਖੁ

ਨਿਰਭਉ ਨਿਰਵੈਰੁ ਅਕਾਲ ਮੂਰਤਿ

ਅਜੂਨੀ ਸੈਭੰ ਗੁਰ ਪ੍ਰਸਾਦਿ ॥

॥ ਜਪੁ ॥

ਆਦਿ ਸਚੁ ਜੁਗਾਦਿ ਸਚੁ ॥

ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥੧॥

ਭੇਟਾ:

ਜੋ ਗੁਰ ਭਗਤਿ ਸੁ ਸਿਖ ਹੈ ਮੇਰਾ ॥ ਗੁਰਬਾਨੀ ਭੈ ਤਿਸੈ ਘਨੇਰਾ ॥
ਜਿਨ ਭੈ ਅਦਬ ਨ ਬਾਨੀ ਧਾਰਾ ॥ ਜਾਨਹੁ ਸੋ ਸਿਖ ਨਹੀਂ ਹਮਾਰਾ ॥੨੦॥
(ਸੂ. ਪ੍ਰ. ਰਾਸਿ ੧੦, ਅਧਿ. ੨੧)

ਗੁਰਬਾਣੀ ਦਾ ਭੈ ਰੱਖਣਾ ਅਤੇ
ਭਾਵਨਾ ਨਾਲ ਜਾਪ ਕਰਨਾ ਹੀ ਇਸ ਦੀ ਭੇਟਾ ਹੈ ॥

ਗੁਰ ਮੰਤ੍ਰ
ਵਾਹਿਗੁਰੂ ਗੁਰ ਮੰਤ੍ਰ ਹੈ, ਜਪਿ ਹਉਮੈ ਖੋਈ ॥
ਵਾਹਿਗੁਰੂ
ਬਿਸਨੁਪਦ ਪੁੰਨਿਜਾਕੀ ਕਨਿਸ਼੍ਰ ਖੰਭਾਯਚ
ਕਲਪ ਕਲਪ ਪ੍ਰਤਿ ਅਖੵਛਰ ਕਹੀ ॥
ਸ੍ਰੀ ਗੁਰੁ ਨਾਨਕ ਜਪਯੋ ਸਹੀ ॥੩॥
ਸਾ ਮੰਤ੍ਰ ਪ੍ਰਭੁ ਖਾਲਸਹ ਦੀਨਾ ॥
'ਵਾਹਿਗੁਰੂ' ਪਦ ਪਾਵਨ ਕੀਨਾ ॥੪॥
(ਸ੍ਰੀ ਸਰਬਲੋਹ ਗੁਰੂ ਗ੍ਰੰਥ ਸਾਹਿਬ ਜੀ ਪਾ. ੧੦, ਅੰਗ ੬੪੨)

# ਤਤਕਰਾ

# ਮੁਖ ਬੰਦ

ਪਰਮ ਸਤਿਕਾਰਯੋਗ ਗੁਰੂ ਖ਼ਾਲਸਾ ਜੀਓ! ਨਿਰੰਕਾਰ ਅਕਾਲ ਪੁਰਖ ਵਾਹਿਗੁਰੂ ਜੀ ਸਗਲੀ ਲੁਕਾਈ ਦੇ ਭਲੇ ਹਿਤ ਕਲਯੁਗ ਦੇ ਸਮੇਂ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰੂਪ ਹੋ ਕੇ ਜਗਤ ਵਿਚ ਅਵਤ੍ਰਿਤ ਹੋਇ॥

ਯਥਾ—

**ਆਪਿ ਨਰਾਇਣੁ ਕਲਾ ਧਾਰਿ ਜਗ ਮਹਿ ਪਰਵਰਿਯਉ ॥**
**ਨਿਰੰਕਾਰਿ ਆਕਾਰੁ ਜੋਤਿ ਜਗ ਮੰਡਲਿ ਕਰਿਯਉ ॥**

(ਅੰਗ ੧੩੯੫)

ਤਥਾ—

**ਜੋਤਿ ਰੂਪਿ ਹਰਿ ਆਪਿ ਗੁਰੂ ਨਾਨਕੁ ਕਹਾਯਉ ॥**

(ਅੰਗ ੧੪੦੮)

**ਸ੍ਰੀ ਗੁਰੁ ਨਾਨਕ ਆਪ ਪਰਮੇਸੂਰ**
**ਅਵਤਾਰ ਲਿਯੋ ਸੁਭ ਵੰਸ ਪ੍ਰਧਾਨਾ ॥**

(ਸ੍ਰੀ ਸਰਬ ਲੋਹ ਗ੍ਰੰਥ ਪਾ. ੧੦, ਅੰਗ ੬੪੩)

ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਾਤਲੋਕ ਦੇ ਵੱਡੇ-ਵੱਡੇ ਦੁਨੀਆਂਦਾਰਾਂ, ਪਾਪੀਆਂ, ਰਾਕਸ਼ਾਂ ਨੂੰ ਆਪਣੀਆਂ ਸ਼ੁਭ ਸਿਖਿਆਵਾਂ ਦੇ ਕੇ ਤਾਰਿਆ ਉੱਥੇ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਸਿੱਖਾਂ ਦੀ ਝੋਲੀ ਵਿਚ ਅੰਮ੍ਰਿਤ ਵੇਲੇ

ਅਤੇ ਸੰਧਿਆ ਵੇਲੇ ਦੇ ਨਿਤਨੇਮ ਦੀਆਂ ਦਾਤਾਂ ਪਾਉਣਾ ਕੀਤੀਆਂ।

ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤੀ ਹੋਈ ਸਿੱਖਿਆ ਤੇ ਚਲਦੇ ਹੋਏ ਗੁਰੂ ਕੇ ਸਿੱਖ ਆਦਿ ਕਾਲ ਤੋਂ ਹੀ ਅੰਮ੍ਰਿਤ ਵੇਲੇ ਪਵਿੱਤ੍ਰ ਸ੍ਰੀ ਜਪੁ ਜੀ ਸਾਹਿਬ, ਸ੍ਰੀ ਆਸਾ ਜੀ ਦੀ ਵਾਰ, ਆਦਿ ਗੁਰਬਾਣੀਆਂ ਦਾ ਜਾਪ ਕਰਨ ਲਗ ਪਏ। (ਨੋਟः ਦਸਵੇਂ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਅੰਮ੍ਰਿਤ ਵੇਲੇ ਪੰਜ ਬਾਣੀਆਂ, ਸ੍ਰੀ ਜਪੁ ਜੀ ਸਾਹਿਬ, ਜਾਪ ਸਾਹਿਬ, ਸ੍ਵਯੇ, ਚੌਪਈ ਅਤੇ ਸ੍ਰੀ ਅਨੰਦ ਸਾਹਿਬ ਜੀ ਦਾ ਜਾਪ ਕਰਨ ਦਾ ਹੁਕਮ ਕੀਤਾ।) ਅਤੇ ਸੰਧਿਆ ਦੇ ਵੇਲੇ ਪਵਿਤ੍ਰ ਸੋ ਦਰੁ (ਸ੍ਰੀ ਰਹਰਾਸਿ ਸਾਹਿਬ), ਆਰਤੀ ਸਾਹਿਬ ਗੁਰਬਾਣੀ ਦਾ ਜਾਪ ਕਰਨ ਲਗੇ।

ਯਥਾ—

**ਸੋਦਰੁ ਆਰਤੀ ਗਾਵੀਐ ਅੰਮ੍ਰਿਤ ਵੇਲੇ ਜਾਪੁ ਉਚਾਰਾ।**

(ਭਾਈ ਗੁਰਦਾਸ ਜੀ ਵਾਰ ੧)

ਅਤੇ ਰਾਤ ਨੂੰ ਪਵਿੱਤ੍ਰ ਸ੍ਰੀ ਸੋਹਿਲਾ ਸਾਹਿਬ ਜੀ ਦੀ ਗੁਰਬਾਣੀ ਦਾ ਜਾਪ ਕਰਨ ਲਗ ਪਏ।

## ਸ੍ਰੀ ਰਹਰਾਸਿ ਸਾਹਿਬ ਬਾਰੇ ਵੀਚਾਰ

ਸੋ ਗੁਰੂ ਖ਼ਾਲਸਾ ਸਾਧਸੰਗਤਿ ਜੀਓ! ਗੁਰੂ ਮਹਾਂਰਾਜ

ਸਾਹਿਬ ਜੀ ਦੀਆਂ ਸਰਬੱਤ ਸੰਗਤਾਂ ਅਤੇ ਖ਼ਾਲਸਾ ਪੰਥ ਵਿਚ ਸ੍ਰੀ ਰਹਰਾਸਿ ਸਾਹਿਬ ਜੀ ਦੇ ਜਾਪ ਕਰਨ ਦੇ ਵੱਖ-ਵੱਖ ਭੇਦ ਹਨ। ਜਿਨ੍ਹਾਂ ਬਾਬਤ ਆਪ ਸੰਗਤਾਂ ਦੇ ਨਾਲ ਕੁਝ ਵੀਚਾਰ ਸਾਂਝੇ ਕਰਨਾ ਚਾਹੁੰਦੇ ਹਾਂ।

ਸ੍ਰੀ ਰਹਰਾਸਿ ਸਾਹਿਬ ਜੀ ਦੀ ਗੁਰਬਾਣੀ ਦਾ ਨਿਤਨੇਮ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਹੀ ਗੁਰਸਿੱਖਾਂ ਵਿਚ ਪ੍ਰਚਲਤ ਹੈ ਜਿਸ ਵਿਚ ਚਾਰ ਸ਼ਬਦਾਂ ਦਾ ਜਾਪ ਹੁੰਦਾ ਰਿਹਾ ਹੈ।

(੧) ਸੋਦਰੁ ਰਾਗੁ ਆਸਾ ਮਹਲਾ ੧

ੴ ਸਤਿਗੁਰ ਪ੍ਰਸਾਦਿ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ... (੮)

(੨) ਆਸਾ ਮਹਲਾ ੧॥ ਸੁਣਿ ਵਡਾ ਆਖੈ ਸਭੁ ਕੋਇ॥ (੯)

(੩) ਆਸਾ ਮਹਲਾ ੧॥ ਆਖਾ ਜੀਵਾ ਵਿਸਰੈ ਮਰਿ ਜਾਉ॥ (੯)

(੪) ਆਸਾ ਮਹਲਾ ੧॥ ਤਿਤੁ ਸਰਵਰੜੈ ਭਈਲੇ ਨਿਵਾਸਾ (੧੨)

ਅਤੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਨੇ ਆਪਣੇ ਸਮੇਂ ਵਿਚ ਤਿੰਨ ਸ਼ਬਦ ਨਾਲ ਹੋਰ ਜੋੜਦਿਆਂ ਹੋਇਆਂ ਸ੍ਰੀ ਰਹਰਾਸਿ ਸਾਹਿਬ ਜੀ ਦੇ ਨਿਤਨੇਮ ਨਾਲ ਜਾਪ ਕਰਨ ਦਾ ਹੁਕਮ ਕੀਤਾ।

ਉਹੀ ਸੀਨੇ-ਬਸੀਨੇ ਅੱਜ ਤੱਕ ਹੋ ਰਿਹਾ ਹੈ।

ਪੰਥ ਵਿਚ ਪੁਰਾਤਨ ਸਿੰਘ ਬਾਬਾ ਗਿਆਨ ਸਿੰਘ ਗਤਕਈ ਅਤੇ ਸੰਪ੍ਰਦਾਇ ਦਲ ਬਾਬਾ ਦੀਪ ਸਿੰਘ ਜੀ ਸ਼ਹੀਦ ਸ਼੍ਰੋਮਣੀ ਪੰਥ ਅਕਾਲੀ ਤਰਨਾ ਦਲ ਸ੍ਰੀ ਮਿਸਲ ਸ਼ਹੀਦਾਂ ਦੇ ਮਹਾਨ ਵਿਦਵਾਨ ਪੁਰਖ ਤਤਵੇਤੇ ਸੰਤ ਗਿਆਨੀ ਕਰਤਾਰ ਸਿੰਘ ਜੀ ਮੋਟਾ ਅੱਖਰ (ਜੋ ਕਿ ਗੁਰਮੁਖੀ ਤੋਂ ਇਲਾਵਾ ਉਰਦੂ, ਫ਼ਾਰਸੀ, ਸੰਸਕ੍ਰਿਤ ਦੇ ਮਹਾਨ ਵਿਦਵਾਨ ਸਨ ਅਤੇ ਅੰਗਰੇਜ਼ੀ ਦੀ ਵੀ ਡਬਲ ਐਮ.ਏ. ਸਨ ਜਿਨਾਂ ਨੇ ਬ੍ਰਹਮ ਗਿਆਨੀ ਸੰਤ ਬਾਬਾ ਮਿਤ ਸਿੰਘ ਜੀ ਮਾਤਾ ਸਾਹਿਬ ਦੇਵਾਂ ਵਾਲਿਆਂ ਤੋਂ ਗੁਰਮਤਿ ਦੀ ਵਿਦਿਆ ਪ੍ਰਾਪਤ ਕੀਤੀ ਅਤੇ ਬ੍ਰਹਮ ਗਿਆਨੀ ਸੰਤ ਬਾਬਾ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਤੋਂ ਵੀ ਗੁਰਮਤਿ ਦੀ ਵਿੱਦਿਆ ਪ੍ਰਾਪਤ ਕੀਤੀ) ਤਿਨ੍ਹਾਂ ਅਤੇ ਹੋਰ ਪੁਰਾਤਨ ਸਿੰਘਾਂ ਦੇ ਦੱਸਣ ਮੁਤਾਬਿਕ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਇਹ ਪਵਿੱਤਰ ਸ੍ਰੀ ਰਹਰਾਸਿ ਸਾਹਿਬ ਜੀ ਦਾ ਨਿਤਨੇਮ ਹੁੰਦਾ ਰਿਹਾ ਹੈ ਜੋ ਕਿ ਇਸ ਗੁਟਕਾ ਸਾਹਿਬ ਵਿਚ ਛਪਵਾਈ ਗਈ ਹੈ। ਪੁਰਾਤਨ ਸਮੇਂ ਤੋਂ ਹੀ ਕਈ ਗੁਰੂ ਕੇ ਸਿੰਘ ਅਤੇ ਸੰਤ ਗਿਆਨੀ ਕਰਤਾਰ ਸਿੰਘ ਜੀ ਮੋਟਾ ਅੱਖਰ ਵਰਗੇ ਮਹਾਨ ਵਿਦਵਾਨ

ਸੰਧਿਆ ਦੇ ਨਿਤਨੇਮ ਵਿਚ ਇਹ ਸ੍ਰੀ ਰਹਰਾਸਿ ਸਾਹਿਬ ਜੀ ਦਾ ਜਾਪ ਕਰਦੇ ਰਹੇ ਹਨ।

ਸੋ ਜਿਵੇਂ ਅਕਾਲ ਤਖ਼ਤ ਸਾਹਿਬ ਜੀ ਦੇ ਸੰਧਿਆ ਨਿਤਨੇਮ ਦੀ ਮਰਿਯਾਦਾ ਨੂੰ ਬਹਾਲ ਰੱਖਣ ਦੇ ਲਈ ਅੱਜ ਵੀ ਨਿਹੰਗ ਸਿੰਘ ਪੰਥ ਖ਼ਾਲਸੇ ਵਿਚ ਉਹੀ ਸ੍ਰੀ ਰਹਰਾਸਿ ਸਾਹਿਬ ਦਾ ਨਿਤਨੇਮ ਕੀਤਾ ਜਾਂਦਾ ਹੈ। ਏਸੇ ਹੀ ਤਰੀਕੇ ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਸੰਧਿਆ ਨਿਤਨੇਮ ਦੀ ਮਰਿਯਾਦਾ ਨੂੰ ਬਹਾਲ ਰੱਖਣ ਦੇ ਲਈ ਅੱਜ ਤੱਕ ਸੀਨੇ-ਬਸੀਨੇ ਗੁਰਦੁਆਰਾ ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ ਵਿਖੇ ਉਹੀ ਸ੍ਰੀ ਰਹਰਾਸਿ ਸਾਹਿਬ ਜੀ ਦਾ ਨਿਤਨੇਮ ਕੀਤਾ ਜਾਂਦਾ ਰਿਹਾ ਅਤੇ ਕੀਤਾ ਜਾ ਰਿਹਾ ਹੈ।

ਸੋ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਸੰਧਿਆ ਨਿਤਨੇਮ ਨੂੰ ਆਪ ਸੰਗਤਾਂ ਦੇ ਕਰ ਕਮਲਾਂ ਵਿਚ ਪਹੁੰਚਾਉਣ ਵਾਸਤੇ ਸੰਪ੍ਰਦਾਇ ਦਲ ਪੰਥ ਬਾਬਾ ਦੀਪ ਸਿੰਘ ਜੀ ਸ਼ਹੀਦ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਸ੍ਰੀ ਬਾਬਾ ਬਕਾਲਾ ਸਾਹਿਬ ਜੀ ਦੇ ੧੪ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਮੱਖਣ ਸਿੰਘ ਜੀ ਵੱਲੋਂ ਨਿਮਾਣਾ ਯਤਨ ਕੀਤਾ ਜਾ ਰਿਹਾ ਹੈ।

# ਗੁਰਬਾਣੀ ਦਾ ਨਿਤਨੇਮ ਕਰਨ ਤੋਂ ਪਹਿਲਾਂ ਕੁਝ ਧਿਆਨ ਰੱਖਣ ਯੋਗ ਗੱਲਾਂ

ਪਰਮ ਸਤਿਕਾਰਯੋਗ ਗੁਰੂ ਖ਼ਾਲਸਾ ਸਾਧਸੰਗਤਿ ਜੀ ਪਵਿੱਤ੍ਰ ਗੁਰਬਾਣੀ ਦਾ ਜਾਪ ਕਰਨ ਸਮੇਂ ਬਿਸ੍ਰਾਮਾਂ ਦਾ ਧਿਆਨ ਰੱਖਣਾ ਵੀ ਅਤਿਅੰਤ ਜ਼ਰੂਰੀ ਹੈ। ਕਿਉਂਕਿ ਬਿਸ੍ਰਾਮਾਂ ਨੂੰ ਅਣਗੌਲਿਆਂ ਕਰਕੇ ਕੀਤਾ ਜਾਪ ਅਰਥਾਂ ਨੂੰ ਅਨਰਥਾਂ ਦੇ ਰੂਪ ਵਿਚ ਤਬਦੀਲ ਕਰ ਦਿੰਦਾ ਹੈ ਜਿਵੇਂ ਕਿ—

**'ਗੁਰ ਅਰਜੁਨੁ, ਘਰਿ ਗੁਰ ਰਾਮਦਾਸ;**
**ਭਗਤ ਉਤਰਿ ਆਯਉ ॥੧॥**

(ਅੰਗ ੧੪੦੭)

ਗੁਰਬਾਣੀ ਦੀ ਇਹ ਤੁਕ ਨੂੰ ਕਈ ਪਾਠੀ ਵੀਰ—

**'ਗੁਰੁ ਅਰਜੁਨੁ ਘਰਿ, ਗੁਰ ਰਾਮਦਾਸ;**
**ਭਗਤ ਉਤਰਿ ਆਯਉ ॥੧॥**

ਭਾਵ 'ਘਰਿ' ਸ਼ਬਦ 'ਤੇ ਬਿਸ੍ਰਾਮ ਲਾ ਕੇ ਪੜ੍ਹ ਜਾਂਦੇ ਹਨ, ਇਸ ਤਰ੍ਹਾਂ ਅਰਥ ਇਹ ਹੋਇਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਘਰ, ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਭਗਤ ਰੂਪ ਹੋ ਕੇ ਅਵਤ੍ਰਿਤ ਹੋਏ। ਅਰਥਾਤ ਪੁਤਰ ਦੇ ਘਰਿ ਪਿਤਾ ਨੇ ਅਵਤਾਰ ਧਾਰਿਆ। ਸੋ ਗਲਤ ਥਾਂ ਬਿਸ੍ਰਾਮ ਲਗਾਉਣ ਨਾਲ

# ਰਹਰਾਸਿ ਸਾਹਿਬ

ੴ ਸਤਿਗੁਰ ਪ੍ਰਸਾਦਿ ॥

ਸਲੋਕ ਮ: ੧ ॥

ਧੰਨੁ ਸੁ ਕਾਗਦੁ ਕਲਮ ਧੰਨੁ ਧਨੁ ਭਾਂਡਾ ਧਨੁ ਮਸੁ ॥ ਧਨੁ ਲੇਖਾਰੀ ਨਾਨਕਾ ਜਿਨਿ ਨਾਮੁ ਲਿਖਾਇਆ ਸਚੁ ॥੧॥

ਮ: ੧ ॥

ਆਪੇ ਪਟੀ ਕਲਮ ਆਪਿ ਉਪਰਿ ਲੇਖੁ ਭਿ ਤੂੰ ॥ ਏਕੋ ਕਹੀਐ ਨਾਨਕਾ ਦੂਜਾ ਕਾਹੇ ਕੂ ॥੨॥ (੧੨੯੧)

ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ ॥ ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ ॥ ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ ॥ ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ ॥੪॥੬॥੧੩॥੨੦॥ (੪੫੧)

ਸਲੋਕੁ ਮ: ੧ ॥

ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ

ਹੋਈ ॥੧॥ ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ* ॥੧॥ ਰਹਾਉ ॥ ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ ਜਿਨਿ ਕੀਤੀ ਸੋ ਪਾਰਿ ਪਇਆ ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ॥੨॥ (੪੬੯)

ਸੋਦਰੁ ਰਾਗੁ ਆਸਾ ਮਹਲਾ ੧

ੴ ਸਤਿਗੁਰ ਪ੍ਰਸਾਦਿ ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ

ਉਚਾਰਨ ਸੇਧ—*ਲਖਿਆ ਪੋਲਾ ਬੋਲੋ।

ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ ਤੁਧਨੋ* ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥ ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ

ਉਚਾਰਨ ਸੇਧ—*ਤੁਧਨੋ ਨੂੰ ਤੁਦਨੋ ਨਾ ਬੋਲੋ।

ਦੇਵਤਿਆ ਦਰਿ ਨਾਲੇ ॥ ਗਾਵਨਿ
ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ
ਤੁਧਨੋ ਸਾਧ ਬੀਚਾਰੇ ॥ ਗਾਵਨਿ
ਤੁਧਨੋ ਜਤੀ ਸਤੀ ਸੰਤੋਖੀ ਗਾਵਨਿ
ਤੁਧਨੋ ਵੀਰ ਕਰਾਰੇ ॥ ਗਾਵਨਿ
ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ
ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ
ਮੋਹਣੀਆ ਮਨੁ ਮੋਹਨਿ ਸੁਰਗੁ ਮਛੁ
ਪਇਆਲੇ ॥ ਗਾਵਨਿ ਤੁਧਨੋ ਰਤਨ
ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥
ਗਾਵਨਿ ਤੁਧਨੋ ਜੋਧ ਮਹਾਬਲ ਸੂਰਾ
ਗਾਵਨਿ ਤੁਧਨੋ ਖਾਣੀ ਚਾਰੇ ॥

ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ
ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ
ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ
ਤੇਰੇ ਭਗਤ ਰਸਾਲੇ ॥ ਹੋਰਿ ਕੇਤੇ
ਤੁਧਨੋ ਗਾਵਨਿ ਸੇ ਮੈ ਚਿਤਿ ਨ
ਆਵਨਿ ਨਾਨਕੁ ਕਿਆ ਬੀਚਾਰੇ ॥
ਸੋਈ ਸੋਈ ਸਦਾ ਸਚੁ ਸਾਹਿਬੁ* ਸਾਚਾ
ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ
ਜਾਸੀ ਰਚਨਾ ਜਿਨਿ ਰਚਾਈ ॥ ਰੰਗੀ
ਰੰਗੀ ਭਾਤੀ ਕਰਿ ਕਰਿ ਜਿਨਸੀ
ਮਾਇਆ ਜਿਨਿ ਉਪਾਈ ॥ ਕਰਿ ਕਰਿ
ਦੇਖੈ ਕੀਤਾ ਆਪਣਾ ਜਿਉ ਤਿਸ ਦੀ

ਉਚਾਰਨ ਸੇਧ—*ਚਾਲ, ਵਹਾ, ਅਰਥ ਮੁਤਾਬਿਕ ਸਚੁ ਸਾਹਿਬੁ ਤੇ ਵਿਸਰਾਮ ਬਿਲਕੁਲ ਸ਼ੁੱਧ ਹੈ।

ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥

ਆਸਾ ਮਹਲਾ ੧ ॥

ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ

ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ* ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ

ਉਚਾਰਨ ਸੇਧ—*ਸਿੱਧੀ ਬੋਲੋ।

ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥

ਆਸਾ ਮਹਲਾ ੧ ॥

ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ

ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੩॥

ਰਾਗੁ ਗੂਜਰੀ ਮਹਲਾ ੪ ॥

ਹਰਿ ਕੇ ਜਨ ਸਤਿਗੁਰ ਸਤ ਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ

ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿ ਜਨ ਕੇ ਵਡਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ

ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥
ਜਿਨ ਹਰਿ ਜਨ ਸਤਿਗੁਰ ਸੰਗਤਿ
ਪਾਈ ਤਿਨ ਧੁਰਿ ਮਸਤਕਿ ਲਿਖਿਆ
ਲਿਖਾਸਿ ॥ ਧਨੁ* ਧੰਨੁ ਸਤਸੰਗਤਿ
ਜਿਤੁ ਹਰਿ ਰਸੁ ਪਾਇਆ ਮਿਲਿ ਜਨ
ਨਾਨਕ ਨਾਮੁ ਪਰਗਾਸਿ ॥੪॥੪॥

ਰਾਗੁ ਗੂਜਰੀ ਮਹਲਾ ੫ ॥

ਕਾਹੇ ਰੇ ਮਨ ਚਿਤਵਹਿ ਉਦਮੁ ਜਾ
ਆਹਰਿ ਹਰਿ ਜੀਉ ਪਰਿਆ ॥ ਸੈਲ
ਪਥਰ ਮਹਿ ਜੰਤ ਉਪਾਏ ਤਾ ਕਾ
ਰਿਜਕੁ ਆਗੈ ਕਰਿ ਧਰਿਆ ॥੧॥
ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ

ਉਚਾਰਨ ਸੇਧ—*ਧੱਨੁ ਹੀ ਬੋਲੋ।

ਤਰਿਆ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥੧॥ ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ

ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੫॥

ਰਾਗੁ ਆਸਾ ਮਹਲਾ ੪ ਸੋ ਪੁਰਖੁ

ੴ ਸਤਿਗੁਰ ਪ੍ਰਸਾਦਿ ॥

ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ ॥ ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ ॥ ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ ॥ ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ ॥ ਹਰਿ ਆਪੇ ਠਾਕੁਰੁ

ਹਰਿ ਆਪੇ ਸੇਵਕੁ ਜੀ ਕਿਆ ਨਾਨਕ ਜੰਤ ਵਿਚਾਰਾ ॥੧॥ ਤੂ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ ॥ ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ ॥ ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ ॥ ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ ॥ ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ ॥੨॥ ਹਰਿ ਧਿਆਵਹਿ ਹਰਿ

ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖਵਾਸੀ ॥ ਸੇ ਮੁਕਤੁ ਸੇ ਮੁਕਤੁ ਭਏ ਜਿਨ ਹਰਿ ਧਿਆਇਆ ਜੀ ਤਿਨ ਤੂਟੀ ਜਮ ਕੀ ਫਾਸੀ ॥ ਜਿਨ ਨਿਰਭਉ ਜਿਨ ਹਰਿ ਨਿਰਭਉ ਧਿਆਇਆ ਜੀ ਤਿਨ ਕਾ ਭਉ ਸਭੁ ਗਵਾਸੀ ॥ ਜਿਨ ਸੇਵਿਆ ਜਿਨ ਸੇਵਿਆ ਮੇਰਾ ਹਰਿ ਜੀ ਤੇ ਹਰਿ ਹਰਿ ਰੂਪਿ ਸਮਾਸੀ ॥ ਸੇ ਧੰਨੁ ਸੇ ਧੰਨੁ ਜਿਨ ਹਰਿ ਧਿਆਇਆ ਜੀ ਜਨੁ ਨਾਨਕੁ ਤਿਨ ਬਲਿ ਜਾਸੀ ॥੩॥ ਤੇਰੀ ਭਗਤਿ ਤੇਰੀ ਭਗਤਿ ਭੰਡਾਰ ਜੀ ਭਰੇ ਬਿਅੰਤ

ਬੇਅੰਤਾ* ॥ ਤੇਰੇ ਭਗਤ ਤੇਰੇ ਭਗਤ ਸਲਾਹਨਿ ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ ॥ ਤੇਰੀ ਅਨਿਕ ਤੇਰੀ ਅਨਿਕ ਕਰਹਿ ਹਰਿ ਪੂਜਾ ਜੀ ਤਪੁ ਤਾਪਹਿ ਜਪਹਿ ਬੇਅੰਤਾ ॥ ਤੇਰੇ ਅਨੇਕ ਤੇਰੇ ਅਨੇਕ ਪੜਹਿ ਬਹੁ ਸਿਮ੍ਰਿਤਿ ਸਾਸਤ ਜੀ ਕਰਿ ਕਿਰਿਆ ਖਟੁ ਕਰਮ ਕਰੰਤਾ ॥ ਸੇ ਭਗਤ ਸੇ ਭਗਤ ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ ਭਗਵੰਤਾ ॥੪॥ ਤੂੰ ਆਦਿ ਪੁਰਖੁ ਅਪਰੰਪਰੁ* ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ ॥ ਤੂੰ ਜੁਗੁ ਜੁਗੁ ਏਕੋ

ਉਚਾਰਨ ਸੇਧ—*ਬੇਅੰਤਾ ਨੂੰ ਬਿਅੰਤਾ ਨ ਪੜ੍ਹੋ, *ਅਪ-ਰੰਪਰੁ ਬੋਲੋ

ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ ॥ ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ ॥ ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ ॥ ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ* ॥੫॥੧॥

ਆਸਾ ਮਹਲਾ ੪ ॥

ਤੂ ਕਰਤਾ ਸਚਿਆਰੁ ਮੈਡਾ ਸਾਂਈ ॥ ਜੋ ਤਉ ਭਾਵੈ ਸੋਈ ਥੀਸੀ ਜੋ ਤੂ ਦੇਹਿ ਸੋਈ ਹਉ ਪਾਈ ॥੧॥ ਰਹਾਉ ॥ ਸਭ ਤੇਰੀ ਤੂੰ ਸਭਨੀ ਧਿਆਇਆ ॥

ਉਚਾਰਨ ਸੇਧ—*ਜਾ-ਣੋਈ ਇਕੱਠਾ ਬੋਲੋ।

ਜਿਸਨੋ ਕ੍ਰਿਪਾ ਕਰਹਿ ਤਿਨਿ ਨਾਮ ਰਤਨੁ ਪਾਇਆ ॥ ਗੁਰਮੁਖਿ ਲਾਧਾ ਮਨਮੁਖਿ ਗਵਾਇਆ ॥ ਤੁਧੁ ਆਪਿ ਵਿਛੋੜਿਆ ਆਪਿ ਮਿਲਾਇਆ ॥੧॥ ਤੂੰ ਦਰੀਆਉ ਸਭ ਤੁਝ ਹੀ ਮਾਹਿ ॥ ਤੁਝ ਬਿਨੁ ਦੂਜਾ ਕੋਈ ਨਾਹਿ ॥ ਜੀਅ ਜੰਤ ਸਭਿ ਤੇਰਾ ਖੇਲੁ ॥ ਵਿਜੋਗਿ ਮਿਲਿ ਵਿਛੁੜਿਆ ਸੰਜੋਗੀ ਮੇਲੁ ॥੨॥ ਜਿਸਨੋ ਤੂ ਜਾਣਾਇਹਿ ਸੋਈ ਜਨੁ ਜਾਣੈ ॥ ਹਰਿ ਗੁਣ ਸਦ ਹੀ ਆਖਿ ਵਖਾਣੈ ॥ ਜਿਨਿ ਹਰਿ ਸੇਵਿਆ ਤਿਨਿ ਸੁਖੁ

ਪਾਇਆ ॥ ਸਹਜੇ ਹੀ ਹਰਿ ਨਾਮਿ ਸਮਾਇਆ ॥੩॥ ਤੂ ਆਪੇ ਕਰਤਾ ਤੇਰਾ ਕੀਆ ਸਭੁ ਹੋਇ ॥ ਤੁਧੁ ਬਿਨੁ ਦੂਜਾ ਅਵਰੁ ਨ ਕੋਇ ॥ ਤੂ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਜਨ ਨਾਨਕ ਗੁਰਮੁਖਿ ਪਰਗਟੁ ਹੋਇ ॥੪॥੨॥

ਆਸਾ ਮਹਲਾ ੧ ॥

ਤਿਤੁ ਸਰਵਰੜੈ* ਭਈਲੇ* ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕ ਜੁ* ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥

ਉਚਾਰਨ ਸੇਧ—*ਸਰਵਰ-ੜੈ ਇਕੱਠਾ ਬੋਲੋ। *ਭਈ-ਲੇ ਬੋਲੋ। *ਅਰਥ ਮੁਤਾਬਿਕ ਪੰਕ ਜੁ ਵੱਖਰਾ-ਵੱਖਰਾ ਪੜ੍ਹਨਾ ਸ਼ੁੱਧ ਹੈ।

ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਨਾ ਹਉ ਜਤੀ ਸਤੀ ਨਹੀ ਪੜਿਆ* ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂੰ ਨਾਹੀ ਵੀਸਰਿਆ ॥੨॥੩॥

ਆਸਾ ਮਹਲਾ ੫ ॥

ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧ ਸੰਗਤਿ ਭਜੁ*

ਉਚਾਰਨ ਸੇਧ—*ਪੜਿਆ ਨੂੰ ਪੜ੍ਹਿਆ ਬੋਲੋ। *ਭਜੁ ਪੋਲਾ ਬੋਲੋ

ਕੇਵਲ ਨਾਮ ॥੧॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥੨॥੪॥

(੮-੧੨)

ਵਾਹਿਗੁਰੂ ਜੀ ਕਾ ਖ਼ਾਲਸਾ ॥
ਵਾਹਿਗੁਰੂ ਜੀ ਕੀ ਫ਼ਤਹਿ ॥

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥

ਪਾਤਸ਼ਾਹੀ ੧੦ ॥ ਚੌਪਈ ॥

ਡਗਮਗ ਲੋਕ ਚਤੁਰਦਸ ਭਏ ॥ ਅਸੁਰਨ ਸਾਥ ਸਕਲ ਭਰਿ ਗਏ ॥ ਬ੍ਰਹਮਾ ਬਿਸਨ ਸਭੈ ਡਰਪਾਨੇ ॥ ਮਹਾਂਕਾਲ ਕੀ ਸਰਨਿ ਸਿਧਾਨੇ ॥੮੯॥ ਇਹੱ ਬਿਧਿ ਸਭੈ ਪੁਕਾਰਤ ਭਏ ॥ ਜਨੁਕਰ ਲੂਟਿ ਬਨਿਕ ਸੇ ਲਏ ॥ ਤ੍ਰਾਹਿ ਤ੍ਰਾਹਿ ਹਮ ਸਰਨਿ ਤਿਹਾਰੀ ॥ ਸਭ ਭੈ ਤੇ ਹਮ ਲੇਹੁ ਉਬਾਰੀ* ॥੯੦॥ ਤੁਮ ਹੋ ਸਕਲ ਲੋਕ ਸਿਰਤਾਜਾ ॥ ਗਰਬਨ ਗੰਜ ਗਰੀਬ

ਉਚਾਰਨ ਸੇਧ—*ਉਬਾਰੀ ਨੂੰ ਉਭਾਰੀ ਨ ਪੜ੍ਹੋ।

ਨਿਵਾਜਾ ॥ ਆਦਿ ਅਕਾਲ ਅਜੋਨਿ ਬਿਨਾ ਭੈ ॥ ਨਿਰਬਿਕਾਰ ਨਿਰਲੰਬ ਜਗਤ ਮੈ ॥੯੧॥ ਨਿਰਬਿਕਾਰ ਨਿਰਜੁਰ ਅਬਿਨਾਸੀ ॥ ਪਰਮ ਜੋਗ ਕੇ ਤੱਤੁ ਪ੍ਰਕਾਸੀ ॥ ਨਿਰੰਕਾਰ ਨਵ ਨਿਤ੍ਯ ਸੁਯੰਭਵ* ॥ ਤਾਤ ਮਾਤ ਜਹੱ ਜਾਤ ਨ ਬੰਧਵ ॥੯੨॥ ਸੱਤ੍ਰੁ ਬਿਹੰਡ ਸੁਰਿੰਦਿ ਸੁਖਦਾਇਕ ॥ ਚੰਡ ਮੁੰਡ ਦਾਨਵ ਕੇ ਘਾਇਕ ॥ ਸਤਿਸੰਧਿ ਸਤਿਤਾ ਨਿਵਾਸਾ ॥ ਭੂਤ ਭਵਿੱਖ ਭਵਾਨ ਨਿਰਾਸਾ ॥੯੩॥ ਆਦਿ ਅਨੰਤ ਅਰੂਪ ਅਭੇਸਾ ॥ ਘਟ ਘਟ

ਉਚਾਰਨ ਸੇਧ—*ਸੁਇਅੰ-ਭਵ ਬੋਲੋ।

ਭੀਤਰ ਕਿਯਾ* ਪ੍ਰਵੇਸਾ ॥ ਅੰਤਰ
ਬਸਤ ਨਿਰੰਤਰ ਰਹਈ ॥ ਸਨਕ
ਸਨੰਦ ਸਨਾਤਨ ਕਹਈ ॥੯੪॥
ਆਦਿ ਜੁਗਾਦਿ ਸਦਾ ਪ੍ਰਭੁ ਏਕੈ ॥
ਧਰਿ ਧਰਿ ਮੂਰਤਿ ਫਿਰਤਿ ਅਨੇਕੈ ॥
ਸਭ ਜਗ ਕਹੱ ਇਹੱ ਬਿਧਿ
ਭਰਮਾਯਾ ॥ ਆਪੈ ਏਕ ਅਨੇਕ
ਦਿਖਾਯਾ ॥੯੫॥ ਘਟ ਘਟ ਮਹਿ
ਸੋਈ ਪੁਰਖ *ਬ੍ਯਾਪਕ ॥ ਸਕਲ
ਜੀਵ ਜੰਤਨ ਕੇ ਥਾਪਕ ॥ ਜਾ ਤੇ ਜੋਤਿ
ਕਰਤ ਆਕਰਖਨ ॥ ਤਾ ਕਹੱ ਕਹਤ
ਮ੍ਰਿਤਕ ਜਗ ਕੇ ਜਨ ॥੯੬॥ ਤੁਮ

ਉਚਾਰਨ ਸੇਧ—*ਕੀਆ ਬੋਲੋ। *ਬਿਆਪਕ= ਬੋਲੋ

ਜਗ ਕੇ ਕਾਰਨ ਕਰਤਾਰਾ ॥ ਘਟਿ ਘਟਿ ਕੀ ਮਿਤਿ ਜਾਨਨਹਾਰਾ ॥ ਨਿਰੰਕਾਰ ਨਿਰਵੈਰ ਨਿਰਾਲਮ ॥ ਸਭਹੀ ਕੇ ਮਨ ਕੀ ਤੁਹਿ ਮਾਲਮੁ ॥੯੭॥ ਤੁਮ ਹੀਂ ਬ੍ਰਹਮਾ ਬਿਸਨ ਬਨਾਯੋ ॥ ਮਹਾਂਰੁਦ੍ਰ* ਤੁਮ ਹੀ ਉਪਜਾਯੋ ॥ ਤੁਮ ਹੀਂ ਰਿਖਿ ਕੱਸਪਹਿ ਬਨਾਵਾ ॥ ਦਿਤਜ* ਅਦਿਤ ਜਨ ਬੈਰ ਬਢਾਵਾ ॥੯੮॥ ਜਗ ਕਾਰਨ ਕਰੁਨਾਨਿਧਿ ਸ੍ਵਾਮੀ ॥ ਕਮਲਨੈਨ ਅੰਤਰ ਕੇ ਜਾਮੀ ॥ ਦਯਾਸਿੰਧੁ ਦੀਨਨ ਕੇ ਦਿਯਾਲਾ ॥ ਹੂਜੈ ਕ੍ਰਿਪਾ ਨਿਧਾਨ

ਉਚਾਰਨ ਸੇਧ—*ਮਹਾਂਰੁੱਦ੍ਰ ਬੋਲੋ। *ਦਿੱਤਜ ਬੋਲੋ।

ਕ੍ਰਿਪਾਲਾ ॥੯੯॥ (ਦਸਮ ੧੩੬੫-੬੬)

ਦੋਹਰਾ ॥

ਮਹਾਂਕਾਲ ਕੀ ਜੇ ਸਰਨਿ ਪਰੇ ਸੁ ਲਏ ਬਚਾਇ ॥ ਔਰ ਨ ਉਪਜਾ ਦੂਸਰ ਜਗ ਭੱਛਯੋ ਸਭੈ ਬਨਾਇ ॥੩੬੬॥ ਜੇ ਪੂਜਾ ਅਸਿਕੇਤੁ ਕੀ ਨਿਤਪ੍ਰਤਿ ਕਰੈਂ ਬਨਾਇ ॥ ਤਿਨ ਪਰ ਅਪਨੋ ਹਾਥ ਦੈ ਅਸਿਧੁਜ ਲੇਤ ਬਚਾਇ ॥੩੬੭॥

ਚੌਪਈ ॥

ਦੁਸਟ ਦੈਤ ਕਛੁ ਬਾਤ ਨ ਜਾਨੀ ॥
ਮਹਾਕਾਲ ਤਨ ਪੁਨਿ ਰਿਸਿ ਠਾਨੀ ॥
ਬਲ ਅਪਬਲ ਅਪਨੋ ਨ ਬਿਚਾਰਾ ॥

ਗਰਬ ਠਾਨਿ ਜਿਯ* ਬਹੁਰਿ ਹੰਕਾਰਾ ॥੩੬੮॥ ਰੇ ਰੇ ਕਾਲ ਫੂਲਿ ਜਿਨਿ ਜਾਹੂ ॥ ਬਹੁਰਿ ਆਨਿ ਸੰਗ੍ਰਾਮ ਮਚਾਹੂ ॥ ਏਕ ਨਿਦਾਨ ਕਰੌਂ ਰਨ ਮਾਂਹੀ ॥ ਕੈ ਅਸਿਧੁਜ ਕੈ ਦਾਨਵ ਨਾਹੀ ॥੩੬੯॥ ਏਕ ਪਾਵ ਤਜਿ ਜੁੱਧ ਨ ਭਾਜਾ ॥ ਮਹਾਰਾਜ ਦੈਤਨ ਕਾ ਰਾਜਾ ॥ ਆਂਤੌਂ ਗੀਧ ਗਗਨ ਲੈ ਗਏ ॥ ਬਾਹਤ ਬਿਸਿਖ* ਤਊ ਹਠਿ ਭਏ ॥੩੭੦॥ ਅਸੁਰ ਅਮਿਤ ਰਨ ਬਾਨ ਚਲਾਏ ॥ ਨਿਰਖਿ ਖੜਗਧੁਜ ਕਾਟਿ ਗਿਰਾਏ ॥ ਬੀਸ ਸਹੱਸ੍ਰ ਅਸੁਰ

ਉਚਾਰਨ ਸੇਧ—*ਜੀਅ ਬੋਲੋ। *ਬਿਸਿੱਖ ਨ ਬੋਲੋ, 'ਬਿਸਿ-ਖ' ਇਕੱਠਾ ਬੋਲੋ, ਅਰਥ 'ਤੀਰ' ਹੈ।

ਪਰ ਬਾਨਾ ॥ ਸ੍ਰੀ ਅਸਿਧੁਜ ਛਾਡੇ ਬਿਧਿ ਨਾਨਾ ॥੩੭੧॥ ਮਹਾਂਕਾਲ ਪੁਨਿ ਜੀਯ ਮੈਂ ਕੋਪਾ ॥ ਧਨੁਖ ਟੰਕੋਰਿ ਬਹੁਰਿ ਰਨ ਰੋਪਾ ॥ ਏਕ ਬਾਨ ਤੇਂ ਧੁਜਹਿ ਗਿਰਾਯੋ ॥ ਦੁਤਿਯ* ਸਤ੍ਰੁ ਕੋ ਸੀਸ ਉਡਾਯੋ ॥੩੭੨॥ ਦੁਹੂੰ ਬਿਸਿਖ* ਕਰਿ ਦ੍ਵੈ ਰਥ ਚੱਕ੍ਰ ॥ ਕਾਟਿ ਦਏ ਛਿਨ ਇਕ ਮੈਂ ਬੱਕ੍ਰ ॥ ਚਾਰਹਿ ਬਾਨ ਚਾਰ ਹੂੰ ਬਾਜਾ ॥ ਮਾਰ ਦਏ ਸਭ ਜਗ ਕੇ ਰਾਜਾ ॥੩੭੩॥ ਬਹੁਰਿ ਅਸੁਰ ਕਾ ਕਾਟਸਿ ਮਾਥਾ ॥ ਸ੍ਰੀ ਅਸਿਕੇਤਿ ਜਗਤ ਕੇ ਨਾਥਾ ॥ ਦੁਤਿਯ ਬਾਨ ਸੌਂ

ਉਚਾਰਨ ਸੇਧ—*ਦੁਤੀਅ ਬੋਲੋ। ਬਿਸਿ-ਖ—ਇਕੱਠਾ ਬੋਲੋ।

ਦੋਊ ਅਰਿ ਕਰ ॥ ਕਾਟਿ ਦਯੋ ਅਸਿਧੁਜ ਨਰਨਾਹਰ ॥੩੭੪॥ ਪੁਨਿ ਰਾਛਸ ਕਾ ਕਾਟਾ ਸੀਸਾ ॥ ਸ੍ਰੀ ਅਸਿਕੇਤ ਜਗਤ ਕੇ ਈਸਾ ॥ ਪੁਹਪਨ ਬ੍ਰਿਸਟਿ ਗਗਨ ਤੇਂ ਭਈ ॥ ਸਭਹਿੱਨ ਆਨਿ ਬਧਾਈ ਦਈ ॥੩੭੫॥ ਧੰਨਯ ਧੰਨਯ ਲੋਗਨ ਕੇ ਰਾਜਾ ॥ ਦੁਸਟਨ ਦਾਹ ਗਰੀਬ ਨਿਵਾਜਾ ॥ ਅਖਲ ਭਵਨ ਕੇ ਸਿਰਜਨਹਾਰੇ ॥ ਦਾਸ ਜਾਨਿ ਮੁਹਿ ਲੇਹੁ ਉਬਾਰੇ ॥੩੭੬॥

ਕਬਯੋ ਬਾਚ ਬੇਨਤੀ ॥ ਚੌਪਈ ॥

ਹਮਰੀ ਕਰੋ ਹਾਥ ਦੈ ਰੱਛਾ ॥ ਪੂਰਨ

ਹੋਇ ਚਿੱਤ ਕੀ ਇੱਛਾ ॥ ਤਵ ਚਰਨਨ ਮਨ ਰਹੈ ਹਮਾਰਾ ॥ ਅਪਨਾ ਜਾਨ ਕਰੋ ਪ੍ਰਤਿਪਾਰਾ ॥੩੭੭॥ ਹਮਰੇ ਦੁਸਟ ਸਭੈ ਤੁਮ ਘਾਵਹੁ ॥ ਆਪੁ ਹਾਥ ਦੈ ਮੋਹਿ ਬਚਾਵਹੁ ॥ ਸੁਖੀ ਬਸੈ ਮੋਰੋ ਪਰਿਵਾਰਾ ॥ ਸੇਵਕ ਸਿਖ੍ਯ ਸਭੈ ਕਰਤਾਰਾ ॥੩੭੮॥ ਮੋ ਰੱਛਾ ਨਿਜੁ ਕਰ ਦੈ ਕਰਿਯੈ* ॥ ਸਭ ਬੈਰਿਨ ਕੌ ਆਜ ਸੰਘਰਿਯੈ* ॥ ਪੂਰਨ ਹੋਇ ਹਮਾਰੀ ਆਸਾ ॥ ਤੋਰਿ ਭਜਨ ਕੀ ਰਹੈ ਪ੍ਯਾਸਾ ॥੩੭੯॥ ਤੁਮਹਿ ਛਾਡਿ ਕੋਈ ਅਵਰ ਨ ਧ੍ਯਾਊਂ ॥ ਜੋ ਬਰ

ਉਚਾਰਨ ਸੇਧ—*ਕਰੀਐ ਬੋਲੋ। *ਸੰ-ਘਰੀਐ ਇਕੱਠਾ ਬੋਲੋ ਅਤੇ 'ਗ' 'ਘ' ਸੁਵਰਨ, ਕਰਕੇ ਬੋਲੋ।

ਚਾਹੌਂ ਸੁ ਤੁਮ ਤੇ ਪਾਊਂ ॥ ਸੇਵਕ ਸਿੱਖਯ ਹਮਾਰੇ *ਤਾਰਿਯਹਿ ॥ ਚੁਨਿ ਚੁਨਿ ਸੱਤ੍ਰ ਹਮਾਰੇ ਮਾਰਿਯਹਿ* ॥੩੯੦॥ ਆਪੁ ਹਾਥ ਦੈ ਮੁਝੈ ਉਬਰਿਯੈ* ॥ ਮਰਨ ਕਾਲ ਕਾ ਤ੍ਰਾਸ ਨਿਵਰਿਯੈ* ॥ ਹੂਜੋ ਸਦਾ ਹਮਾਰੇ ਪੱਛਾ ॥ ਸ੍ਰੀ ਅਸਿਧੁਜ ਜੂ ਕਰਿਯਹੁ* ਰੱਛਾ ॥੩੯੧॥ ਰਾਖਿ ਲੇਹੁ ਮੁਹਿ ਰਾਖਨਹਾਰੇ ॥ ਸਾਹਿਬ ਸੰਤ ਸਹਾਇ ਪਯਾਰੇ ॥ ਦੀਨ ਬੰਧ ਦੁਸਟਨ ਕੇ ਹੰਤਾ ॥ ਤੁਮਹੋ ਪੁਰੀ ਚਤੁਰਦਸ ਕੰਤਾ ॥੩੯੨॥ ਕਾਲ ਪਾਇ ਬ੍ਰਹਮਾ ਬਪੁ

ਉਚਾਰਨ ਸੇਧ—ਤਾਰੀਅਹਿ, ਮਾਰੀਅਹਿ, ਉ-ਬਰੀਐ, ਨਿ-ਵਰੀਐ, ਕਰੀਅਹੁ ਬੋਲੋ।

ਧਰਾ ॥ ਕਾਲ ਪਾਇ ਸਿਵਜੂ ਅਵਤਰਾ ॥ ਕਾਲ ਪਾਇ ਕਰਿ ਬਿਸਨ ਪ੍ਰਕਾਸਾ ॥ ਸਕਲ ਕਾਲ ਕਾ ਕਿਯਾ* ਤਮਾਸਾ ॥੩੯੩॥ ਜਵਨ ਕਾਲ ਜੋਗੀ ਸਿਵ ਕੀਯੋ ॥ ਬੇਦ ਰਾਜ ਬ੍ਰਹਮਾ ਜੂ ਥੀਯੋ ॥ ਜਵਨ ਕਾਲ ਸਭ ਲੋਕ ਸਵਾਰਾ ॥ ਨਮਸਕਾਰ ਹੈ ਤਾਹਿ ਹਮਾਰਾ ॥੩੯੪॥ ਜਵਨ ਕਾਲ ਸਭ ਜਗਤ ਬਨਾਯੋ ॥ ਦੇਵ ਦੈਤ ਜੱਛਨ ਉਪਜਾਯੋ ॥ ਆਦਿ ਅੰਤਿ ਏਕੈ ਅਵਤਾਰਾ ॥ ਸੋਈ ਗੁਰੂ ਸਮਝਿਯਹੁ* ਹਮਾਰਾ ॥੩੯੫॥ ਨਮਸਕਾਰ ਤਿਸਹੀ

ਉਚਾਰਨ ਸੇਧ—*ਕੀਆ ਬੋਲੋ। *ਸਮਝੀਅਹੁ ਬੋਲੋ।

ਕੋ ਹਮਾਰੀ ॥ ਸਕਲ ਪੂਜਾ ਜਿਨ ਆਪ ਸਵਾਰੀ ॥ ਸਿਵਕਨ ਕੋ ਸਵ ਗੁਨ ਸੁਖ ਦੀਯੋ ॥ *ਸਤ੍ਰੁਨ ਕੋ ਪਲ ਮੋ ਬਧ ਕੀਯੋ ॥੩੯੬॥ ਘਟ ਘਟ ਕੇ ਅੰਤਰ ਕੀ ਜਾਨਤ ॥ ਭਲੇ ਬੁਰੇ ਕੀ ਪੀਰ ਪਛਾਨਤ ॥ ਚੀਟੀ ਤੇ ਕੁੰਚਰ ਅਸਥੂਲਾ ॥ ਸਭ ਪਰ ਕ੍ਰਿਪਾ ਦ੍ਰਿਸਟਿ ਕਰਿ ਫੂਲਾ ॥੩੯੭॥ ਸੰਤਨ ਦੁਖ ਪਾਏ ਤੇ ਦੁਖੀ ॥ ਸੁਖ ਪਾਏ ਸਾਧਨ ਕੇ ਸੁਖੀ ॥ ਏਕ ਏਕ ਕੀ ਪੀਰ ਪਛਾਨੈ ॥ ਘਟ ਘਟ ਕੇ ਪਟ ਪਟ ਕੀ ਜਾਨੈ ॥੩੯੮॥ ਜਬ ਉਦਕਰਖ ਕਰਾ

ਉਚਾਰਨ ਸੇਧ—*ਸੱਤ੍ਰੂਨ ਬੋਲੋ।

ਕਰਤਾਰਾ ॥ ਪੂਜਾ ਧਰਤ ਤਬ ਦੇਹ
ਅਪਾਰਾ ॥ ਜਬ ਆਕਰਖ ਕਰਤ ਹੋ
ਕਬਹੂੰ ॥ ਤੁਮ ਮੈ ਮਿਲਤ ਦੇਹਧਰ
ਸਭਹੂੰ ॥੩੮੯॥ ਜੇਤੇ ਬਦਨ ਸ੍ਰਿਸਟਿ
ਸਭ ਧਾਰੈ ॥ ਆਪੁ ਆਪਨੀ ਬੂਝਿ
ਉਚਾਰੈ ॥ ਤੁਮ ਸਭਹੀ ਤੇ ਰਹਤ
ਨਿਰਾਲਮ ॥ ਜਾਨਤ ਬੇਦ ਭੇਦ ਅਰ
ਆਲਮ ॥੩੯੦॥ ਨਿਰੰਕਾਰ ਨ੍ਰਿਬਿਕਾਰ
ਨ੍ਰਿਲੰਭ ॥ ਆਦਿ ਅਨੀਲ ਅਨਾਦਿ
ਅਸੰਭ ॥ ਤਾ ਕਾ ਮੂੜ੍ਹ ਉਚਾਰਤ
ਭੇਦਾ ॥ ਜਾ ਕੋ ਭੇਵ ਨ ਪਾਵਤ ਬੇਦਾ
॥੩੯੧॥ ਤਾ ਕੌ ਕਰਿ ਪਾਹਨ

ਅਨੁਮਾਨਤ ॥ ਮਹਾ ਮੂੜ੍ਹ ਕਛੁ ਭੇਦ ਨ ਜਾਨਤ ॥ ਮਹਾਂਦੇਵ ਕੌ ਕਹਤ ਸਦਾ ਸਿਵ ॥ ਨਿਰੰਕਾਰ ਕਾ ਚੀਨਤ ਨਹਿ ਭਿਵ ॥੩੯੨॥ ਆਪੁ ਆਪੁਨੀ ਬੁਧਿ ਹੈ ਜੇਤੀ ॥ ਬਰਨਤ ਭਿੰਨ ਭਿੰਨ ਤੁਹਿ ਤੇਤੀ ॥ ਤੁਮਰਾ ਲਖਾ ਨ ਜਾਇ ਪਸਾਰਾ ॥ ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥੩੯੩॥ ਏਕੈ ਰੂਪ ਅਨੂਪ ਸਰੂਪਾ ॥ ਰੰਕ ਭਯੋ ਰਾਵ ਕਹੀ ਭੂਪਾ ॥ ਅੰਡਜ ਜੇਰਜ ਸੇਤਜ ਕੀਨੀ ॥ ਉਤਭੁਜ ਖਾਨਿ ਬਹੁਰਿ ਰਚਿ ਦੀਨੀ ॥੩੯੪॥ ਕਹੂੰ ਫੂਲਿ ਰਾਜਾ ਹ੍ਵੈ ਬੈਠਾ ॥

ਕਹੂੰ ਸਿਮਟਿ ਭਯੋ ਸੰਕਰ ਇਕੈਠਾ ॥
ਸਿਗਰੀ ਸ੍ਰਿਸਟਿ ਦਿਖਾਇ ਅਚੰਭਵ ॥
ਆਦਿ ਜੁਗਾਦਿ ਸਰੂਪ ਸੁਯੰਭਵ
॥੩੯੫॥ ਅਬ ਰੱਛਾ ਮੇਰੀ ਤੁਮ ਕਰੋ ॥
ਸਿੱਖ੍ਯ ਉਬਾਰਿ ਅਸਿੱਖ੍ਯ ਸੰਘਰੋ* ॥
ਦੁਸਟ ਜਿਤੇ ਉਠਵਤ ਉਤਪਾਤਾ ॥
ਸਕਲ ਮਲੇਛ ਕਰੋ ਰਣ ਘਾਤਾ
॥੩੯੬॥ ਜੇ ਅਸਿਧੁਜ ਤਵ ਸਰਨੀ
ਪਰੇ ॥ ਤਿਨ ਕੇ ਦੁਸਟ ਦੁਖਿਤ ਹ੍ਵੈ
ਮਰੇ ॥ ਪੁਰਖ ਜਵਨ ਪਗੁ ਪਰੇ
ਤਿਹਾਰੇ ॥ ਤਿਨ ਕੇ ਤੁਮ ਸੰਕਟ ਸਭ
ਟਾਰੇ ॥੩੯੭॥ ਜੋ ਕਲਿ ਕੌ ਇਕ ਬਾਰ

ਉਚਾਰਨ ਸੇਧ—*ਸੰਘਰੋ—'ਗ' 'ਘ' ਸੁਵਰਨ ਕਰਕੇ ਬੋਲੋ।

ਧਿਐਹੈ ॥ ਤਾ ਕੇ ਕਾਲ ਨਿਕਟ ਨਹਿ ਐਹੈ ॥ ਰੱਛਾ ਹੋਇ ਤਾਹਿ ਸਭ ਕਾਲਾ ॥ ਦੁਸਟ ਅਰਿਸਟ ਟਰੇ ਤਤਕਾਲਾ ॥੩੯੮॥ ਕ੍ਰਿਪਾ ਦ੍ਰਿਸਟਿ ਤਨ ਜਾਂਹਿ ਨਿਹਰਿਹੋ ॥ ਤਾ ਕੇ ਤਾਪ ਤਨਿਕ ਮਹਿ ਹਰਿਹੋ ॥ ਰਿੱਧਿ ਸਿੱਧਿ ਘਰ ਮੋਂ ਸਭ ਹੋਈ ॥ ਦੁਸਟ ਛਾਹ ਛ੍ਵੈ* ਸਕੈ ਨ ਕੋਈ ॥੩੯੯॥ ਏਕ ਬਾਰ ਜਿਨ ਤੁਮੈਂ ਸੰਭਾਰਾ ॥ ਕਾਲ ਫਾਂਸ ਤੇ ਤਾਹਿ ਉਬਾਰਾ ॥ ਜਿਨ ਨਰ ਨਾਮ ਤਿਹਾਰੋ ਕਹਾ ॥ ਦਾਰਿਦ ਦੁਸਟ ਦੋਖ ਤੇ ਰਹਾ ॥੪੦੦॥ ਖੜਗਕੇਤ ਮੈਂ ਸਰਨਿ

ਉਚਾਰਨ ਸੇਧ—*ਛੁਐ ਬੋਲੋ।

ਤਿਹਾਰੀ ॥ ਆਪੁ ਹਾਥ ਦੈ ਲੇਹੁ ਉਬਾਰੀ ॥ ਸਰਬ ਠੌਰ ਮੋ ਹੋਹੁ ਸਹਾਈ ॥ ਦੁਸਟ ਦੋਖ ਤੇ ਲੇਹੁ ਬਚਾਈ ॥੪੦੧॥ ਕ੍ਰਿਪਾ ਕਰੀ ਹਮ ਪਰ ਜਗ ਮਾਤਾ ॥ ਗ੍ਰੰਥ ਕਰਾ ਪੂਰਨ ਸੁਭ ਰਾਤਾ ॥ ਕਿਲਬਿਖ ਸਕਲ ਦੇਹ ਕੋ ਹਰਤਾ ॥ ਦੁਸਟ ਦੋਖਿਯਨ* ਕੌ ਛੈ ਕਰਤਾ ॥੪੦੨॥ ਸ੍ਰੀ ਅਸਿਧੁਜ ਜਬ ਭਏ ਦਿਆਲਾ ॥ ਪੂਰਨ ਕਰਾ ਗ੍ਰੰਥ ਤਤਕਾਲਾ ॥ ਮਨ ਬਾਂਛਤ ਫਲ ਪਾਵੈ ਸੋਈ ॥ ਦੂਖ ਨ ਤਿਸੈ ਬਿਆਪਤ ਕੋਈ ॥੪੦੩॥

ਉਚਾਰਨ ਸੇਧ—*ਦੋਖੀਅਨ ਬੋਲੋ ।

ਅੜਿਲ ॥

ਸੁਨੈ ਗੁੰਗ ਜੋ ਯਾਹਿ ਸੁ ਰਸਨਾ ਪਾਵਈ ॥ ਸੁਨੈ ਮੂੜ ਚਿਤ ਲਾਇ ਚਤੁਰਤਾ ਆਵਈ ॥ ਦੂਖ ਦਰਦ ਭੌ ਨਿਕਟ ਨ ਤਿਨ ਨਰ ਕੇ ਰਹੈ ॥ ਹੋ ਜੋ ਯਾ ਕੀ ਏਕ ਬਾਰ ਚੌਪਈ ਕੋ ਕਹੈ ॥੪੦੪॥

ਚੌਪਈ ॥

ਸੰਬਤ ਸੱਤ੍ਰਹ ਸਹਸ ਭਣਿੱਜੈ ॥
ਅਰਧ ਸਹਸ ਫੁਨਿ ਤੀਨਿ ਕਹਿੱਜੈ ॥
ਭਾਦ੍ਰਵ ਸੁਦੀ ਅਸਟਮੀ ਰਵਿ ਵਾਰਾ ॥
ਤੀਰ ਸਤਦ੍ਰਵ ਗ੍ਰੰਥ ਸੁਧਾਰਾ ॥੪੦੫॥ ਇਤਿ ਸ੍ਰੀ ਚਰਿਤ੍ਰੋ

ਪਖ੍ਯਾਨੇ ਤ੍ਰਿਯਾ* ਚਰਿਤ੍ਰੇ ਮੰਤ੍ਰੀ ਭੂਪ ਸੰਬਾਦੇ ਚਾਰਿ ਸੌ ਪਾਂਚ ਚਰਿੱਤ੍ਰ ਸਮਾਪਤ-ਮਸਤੁ ਸੁਭ-ਮਸਤੁ ॥੪੦੫॥ ਅਫਜੂੰ ॥ (ਦਸਮ, ੧੩੮੫-੮੮)

ਦੋਹਰਾ ॥

ਦਾਸ ਜਾਨ ਕਰਿ ਦਾਸ ਪਰਿ ਕੀਜੈ ਕ੍ਰਿਪਾ ਅਪਾਰ ॥ ਆਪ ਹਾਥ ਦੈ ਰਾਖ ਮੁਹਿ ਮਨ ਕ੍ਰਮ ਬਚਨ ਬਿਚਾਰ ॥੪੩੩॥

ਚੌਪਈ ॥

ਮੈ ਨ ਗਨੇਸਹਿ ਪ੍ਰਿਥਮ ਮਨਾਊਂ ॥ ਕਿਸਨ ਬਿਸਨ ਕਬਹੂੰ ਨਹ ਧਿਆਊਂ ॥ ਕਾਨ ਸੁਨੇ ਪਹਿਚਾਨ ਨ

ਉਚਾਰਨ ਸੇਧ—*ਤ੍ਰੀਆ ਬੋਲੋ।

ਤਿਨ ਸੋ ॥ ਲਿਵ ਲਾਗੀ ਮੋਰੀ ਪਗ ਇਨ ਸੋ ॥੪੩੪॥ ਮਹਾਕਾਲ ਰਖਵਾਰ ਹਮਾਰੋ ॥ ਮਹਾ ਲੋਹ ਮੈ ਕਿੰਕਰ ਥਾਰੋ ॥ ਅਪਨਾ ਜਾਨ ਕਰੋ ਰਖਵਾਰ ॥ ਬਾਹ ਗਹੇ ਕੀ ਲਾਜ ਬਿਚਾਰ ॥੪੩੫॥ ਅਪਨਾ ਜਾਨ ਮੁਝੈ ਪ੍ਰਿਤਪਰੀਐ ॥ ਚੁਨ ਚੁਨ ਸਤ੍ਰ ਹਮਾਰੇ ਮਰੀਐ ॥ ਦੇਗ ਤੇਗ ਜਗ ਮੈ ਦੋਊ *ਚਲੈ ॥ ਰਾਖ ਆਪ ਮੁਹਿ ਅਉਰ ਨ *ਦਲੈ ॥੪੩੬॥ ਤੁਮ ਮਮ ਕਰਹੁ ਸਦਾ ਪ੍ਰਤਿਪਾਰਾ ॥ ਤੁਮ ਸਾਹਿਬੁ ਮੈ ਦਾਸ ਤਿਹਾਰਾ ॥ ਜਾਨ ਆਪਨਾ ਮੁਝੈ

ਉਚਾਰਨ ਸੇਧ—*ਚੱਲੈ—ਬੋਲੋ, *ਦਲੈ—ਪੋਲਾ ਬੋਲੋ ।

ਨਿਵਾਜ ॥ ਆਪ ਕਰੋ ਹਮਰੇ ਸਭ ਕਾਜ ॥੪੩੭॥ ਤੁਮ ਹੋ ਸਭ ਰਾਜਨ ਕੇ ਰਾਜਾ ॥ ਆਪੇ ਆਪੁ ਗਰੀਬ ਨਿਵਾਜਾ ॥ ਦਾਸ ਜਾਨ ਕਰ ਕ੍ਰਿਪਾ ਕਰਹੁ ਮੁਹਿ ॥ ਹਾਰ ਪਰਾ ਮੈ ਆਨ ਦੁਆਰ ਤੁਹਿ ॥੪੩੮॥ ਅਪਨਾ ਜਾਨ ਕਰੋ ਪ੍ਰਤਿਪਾਰਾ ॥ ਤੁਮ ਸਾਹਿਬੁ ਮੈ ਕਿੰਕਰ ਥਾਰਾ ॥ ਦਾਸ ਜਾਨ ਦੈ ਹਾਥ ਉਬਾਰੋ ॥ ਹਮਰੇ ਸਭ ਬੈਰੀਅਨ ਸੰਘਾਰੋ* ॥੪੩੯॥ ਪ੍ਰਥਮ ਧਰੋ ਭਗਵਤ ਕੋ ਧਯਾਨਾ ॥ ਬਹੁਰ ਕਰੋ ਕਬਿਤਾ ਬਿਧਿ ਨਾਨਾ ॥ ਕਿਸਨ ਜਥਾ

ਉਚਾਰਨ ਸੇਧ—* ਸੰਘਾਰੋ—'ਗ' 'ਘ' ਸੁਵਰਨ ਕਰਕੇ ਬੋਲੋ।

ਮਤ ਚਰਿਤ੍ਰ ਉਚਾਰੋ ॥ ਚੂਕ ਹੋਇ ਕਬਿ ਲੇਹੁ ਸੁਧਾਰੋ ॥੪੦੦॥

(ਦਸਮ–੩੧੦)

ਕਬਿ ਬਾਚ ॥ ਦੋਹਰਾ ॥

ਜੋ ਨਿਜ ਪ੍ਰਭ ਮੋ ਸੋ ਕਹਾ ਸੋ ਕਹਿਹੌ ਜਗ ਮਾਹਿ ॥ ਜੋ ਤਿਹ ਪ੍ਰਭ ਕੌ ਧਿਆਇ ਹੈ ਅੰਤ ਸੁਰਗ ਕੋ ਜਾਹਿ ॥੫੯॥

ਦੋਹਰਾ ॥

ਹਰਿ ਹਰਿਜਨ ਦੁਈ ਏਕ ਹੈ ਬਿਬ ਬਿਚਾਰ ਕਛੁ ਨਾਹਿ ॥ ਜਲ ਤੇ ਉਪਜ ਤਰੰਗ ਜਿਉ ਜਲ ਹੀ ਬਿਖੈ ਸਮਾਹਿ ॥੬੦॥

(ਦਸਮ–੫੯)

ਦੋਹਰਾ ॥

ਭੇਖ ਦਿਖਾਏ ਜਗਤ ਕੋ ਲੋਗਨ ਕੋ ਬਸਿ ਕੀਨ ॥ ਅੰਤ ਕਾਲਿ ਕਾਤੀ ਕਟਯੋ ਬਾਸੁ ਨਰਕ ਮੋ ਲੀਨ ॥੫੯॥

(ਦਸਮ-੫੮)

ਦੋਹਰਾ ॥

ਤਿਨ ਬੇਦੀਯਨ ਕੇ ਕੁਲ ਬਿਖੇ ਪ੍ਰਗਟੇ ਨਾਨਕ ਰਾਇ ॥ ਸਭ ਸਿੱਖਨ ਕੋ ਸੁਖ ਦਏ ਜੱਹ ਤੱਹ ਭਏ ਸਹਾਇ ॥੪॥

ਚੌਪਈ ॥

ਤਿਨ ਇਹ ਕਲ ਮੋ ਧਰਮੁ

ਚਲਾਯੋ ॥ ਸਭ ਸਾਧਨ ਕੋ ਰਾਹੁ ਬਤਾਯੋ ॥ ਜੋ ਤਾ ਕੇ ਮਾਰਗਿ ਮਹਿ ਆਏ ॥ ਤੇ ਕਬਹੂੰ ਨਹੀ ਪਾਪ ਸੰਤਾਏ ॥੫॥ ਜੇ ਜੇ ਪੰਥ ਤਵਨ ਕੇ ਪਰੇ ॥ ਪਾਪ ਤਾਪ ਤਿਨ ਕੇ ਪ੍ਰਭ ਹਰੇ ॥ ਦੂਖ ਭੂਖ ਕਬਹੂੰ ਨ ਸੰਤਾਏ ॥ ਜਾਲ ਕਾਲ ਕੇ ਬੀਚ ਨ ਆਏ ॥੬॥ ਨਾਨਕ ਅੰਗਦ ਕੋ ਬਪੁ ਧਰਾ ॥ ਧਰਮ ਪ੍ਰਚੁਰਿ* ਇਹ ਜਗ ਮੋ ਕਰਾ ॥ ਅਮਰਦਾਸ ਪੁਨਿ ਨਾਮੁ ਕਹਾਯੋ ॥ ਜਨ ਦੀਪਕ ਤੇ ਦੀਪ ਜਗਾਯੋ ॥੭॥ ਜਬ ਬਰਦਾਨਿ ਸਮੈ ਵਹੁ ਆਵਾ ॥

ਉਚਾਰਨ ਸੇਧ—*ਪ੍ਰ-ਚੁਰਿ ਨ ਬੋਲੋ, ਪ-ਰਚੁ-ਰਿ ਇਕੱਠਾ ਤੇ ਛੇਤੀ ਨਾਲ ਬੋਲੋ।

ਰਾਮਦਾਸ ਤਬ ਗੁਰੂ ਕਹਾਵਾ ॥ ਤਿਹ ਬਰਦਾਨਿ ਪੁਰਾਤਨਿ ਦੀਆ ॥ ਅਮਰਦਾਸਿ ਸੁਰਪੁਰਿ ਮਗੁ ਲੀਆ ॥੮॥ ਸ੍ਰੀ ਨਾਨਕ ਅੰਗਦਿ ਕਰਿ ਮਾਨਾ ॥ ਅਮਰਦਾਸ ਅੰਗਦ ਪਹਿਚਾਨਾ ॥ ਅਮਰਦਾਸ ਰਾਮਦਾਸ ਕਹਾਯੋ ॥ ਸਾਧਨਿ ਲਖਾ ਮੂੜ ਨਹਿ ਪਾਯੋ ॥੯॥ ਭਿੰਨ ਭਿੰਨ ਸਭਹੂੰ ਕਰਿ ਜਾਨਾ ॥ ਏਕ ਰੂਪ ਕਿਨਹੂੰ ਪਹਿਚਾਨਾ ॥ ਜਿਨ ਜਾਨਾ ਤਿਨ ਹੀ ਸਿਧ ਪਾਈ ॥ ਬਿਨ ਸਮਝੇ ਸਿਧ ਹਾਥ ਨ ਆਈ ॥੧੦॥ ਰਾਮਦਾਸ ਹਰਿ ਸੋਂ

ਮਿਲ ਗਏ ॥ ਗੁਰਤਾ ਦੇਤ ਅਰਜਨਹਿ ਭਏ ॥ ਜਬ ਅਰਜਨ ਪ੍ਰਭ ਲੋਕ ਸਿਧਾਏ ॥ ਹਰਿਗੋਬਿੰਦ ਤਿਹ ਠਾਂ ਠਹਰਾਏ ॥੧੧॥ ਹਰਿਗੋਬਿੰਦ ਪ੍ਰਭ ਲੋਕ ਸਿਧਾਰੇ ॥ ਹਰੀਰਾਇ ਤਿਹ ਠਾਂ ਬੈਠਾਰੇ ॥ ਹਰੀਕ੍ਰਿਸਨਿ ਤਿਨ ਕੇ ਸੁਤ ਵਏ ॥ ਤਿਨ ਤੇ ਤੇਗਬਹਾਦਰ ਭਏ ॥੧੨॥ ਤਿਲਕ ਜੰਞੂ ਰਾਖਾ ਪ੍ਰਭ ਤਾ ਕਾ ॥ ਕੀਨੋ ਬਡੋ ਕਲੂ ਮਹਿ ਸਾਕਾ ॥ ਸਾਧਨਿ ਹੇਤਿ ਇਤੀ ਜਿਨਿ ਕਰੀ ॥ ਸੀਸੁ ਦੀਯਾ ਪਰੁ ਸੀ ਨ ਉਚਰੀ ॥੧੩॥ ਧਰਮ ਹੇਤ ਸਾਕਾ ਜਿਨਿ

ਕੀਆ ॥ ਸੀਸੁ ਦੀਆ ਪਰੁ ਸਿਰਰੁ ਨ ਦੀਆ ॥ ਨਾਟਕ ਚੇਟਕ ਕੀਏ ਕੁਕਾਜਾ ॥ ਪ੍ਰਭ ਲੋਗਨ ਕਹ ਆਵਤ ਲਾਜਾ ॥੧੪॥

ਦੋਹਰਾ ॥

ਠੀਕਰਿ ਫੋਰਿ ਦਿਲੀਸਿ ਸਿਰਿ ਪ੍ਰਭ ਪੁਰ ਕੀਯਾ ਪਯਾਨ ॥ ਤੇਗਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ॥੧੫॥ ਤੇਗਬਹਾਦਰ ਕੇ ਚਲਤ ਭਯੋ ਜਗਤ ਕੋ ਸੋਕ ॥ ਹੈ ਹੈ ਹੈ ਸਭ ਜਗ ਭਯੋ ਜੈ ਜੈ ਜੈ ਸੁਰ ਲੋਕ ॥੧੬॥ (ਦਸਮ, ੫੩-੫੪)

ਦੋਹਰਾ ॥

ਜਬ ਆਇਸੁ ਪ੍ਰਭ ਕੋ ਭਯੋ ਜਨਮੁ ਧਰਾ ਜਗ ਆਇ ॥ ਅਬ ਮੈ ਕਥਾ ਸੰਛੇਪਤੇ ਸਭਹੂੰ ਕਹਤ ਸੁਨਾਇ ॥੬੪॥ (ਦਸਮ, ੫੯)

ਕਬਿ ਬਾਚ ॥ ਦੋਹਰਾ ॥

ਠਾਢ ਭਯੋ ਮੈ ਜੋਰਿ ਕਰਿ ਬਚਨ ਕਹਾ ਸਿਰ ਨਿਯਾਇ ॥ ਪੰਥ ਚਲੈ ਤਬ ਜਗਤ ਮੈ ਜਬ ਤੁਮ ਕਰਹੁ ਸਹਾਇ ॥੩੦॥ (ਦਸਮ-੫੭)

ਦੋਹਰਾ ॥

ਸੁਨ ਭੂਪਤਿ ਯਾ ਜਗਤ ਮੈ ਦੂਖੀ

ਰਹਤ ਹਰਿ ਸੰਤ ॥ ਅੰਤ ਲਹਤ ਹੈ ਮੁਕਤ ਫਲ ਪਾਵਤ ਹੈ ਭਗਵੰਤ ॥੨੪੫੫॥

ਸੋਰਠਾ ॥

ਰੁਦ੍ਰ ਭਗਤ ਜਗ ਮਾਹਿ ਸੁਖ ਕੇ ਦਿਵਸ ਸਦਾ ਭਰੈ ॥ ਮਰੈ ਫਿਰਿ ਆਵਹਿ ਜਾਹਿ ਫਲ ਕਛੁ ਲਹੈ ਨ ਮੁਕਤਿ ਕੋ ॥੨੪੫੬॥ (ਦਸਮ-੫੬੫)

ਦੋਹਰਾ ॥

ਜੇ ਜੇ ਤੁਮਰੇ ਧਿਆਨ ਕੋ ਨਿਤ ਉਠਿ ਧਿਐਹੈਂ ਸੰਤ ॥ ਅੰਤ ਲਹੈਗੇ ਮੁਕਤ ਫਲੁ ਪਾਵਹਿਗੇ ਭਗਵੰਤ ॥੬॥੨੬੨॥ (ਦਸਮ-੧੧੯)

ਦੋਹਰਾ ॥

ਕਾਲ ਪੁਰਖ ਕੀ ਦੇਹਿ ਮੋ ਕੋਟਿਕ ਬਿਸਨ ਮਹੇਸ ॥ ਕੋਟ ਇੰਦ੍ਰ ਬ੍ਰਹਮਾ ਕਿਤੇ ਰਵ ਸਸਿ ਕ੍ਰੋਰ ਜਲੇਸ ॥੧॥

(ਦਸਮ-੧੯੨)

ਸ੍ਵੈਯਾ ॥

ਛਤ੍ਰੀ ਕੋ ਪੂਤ ਹੌ ਬਾਮਨ ਕੋ ਨਹਿ ਕੈ ਤਪੁ ਆਵਤ ਹੈ ਜੁ ਕਰੋ ॥ ਅਰੁ ਅਉਰ ਜੰਜਾਰ ਜਿਤੋ ਗ੍ਰਹ ਕੋ ਤੁਹਿ ਤਿਆਗ ਕਹਾ ਚਿਤ ਤਾ ਮੈ ਧਰੋ ॥ ਅਬ ਰੀਝ ਕੈ ਦੇਹੁ ਵਹੈ ਹਮ ਕਉ ਜੋਊ ਹਉ ਬਿਨਤੀ ਕਰ ਜੋਰ ਕਰੋ ॥ ਜਬ

ਆਉ ਕੀ ਅਉਧ ਨਿਦਾਨ ਬਨੈ ਅਤਿ ਹੀ ਰਨ ਮੈ ਤਬ ਜੂਝ ਮਰੋ ॥੨੪੯੯॥

(ਦਸਮ-੫੭੦)

ਚਾਰਣੀ ਦੋਹਿਰਾ ॥

ਜਿਸਨੋ ਸਾਜਨ ਰਾਖਸੀ ਦੁਸਮਨ ਕਵਨ ਬਿਚਾਰ ॥ ਛ੍ਵੈ ਨ ਸਕੈ ਤਿਹ ਛਾਹਿ ਕੌ ਨਿਹਫਲ ਜਾਇ ਗਵਾਰ ॥੨੪॥ ਜੇ ਸਾਧੂ ਸਰਨੀ ਪਰੇ ਤਿਨ ਕੇ ਕਵਣ ਬਿਚਾਰ ॥ ਦੰਤ ਜੀਭ ਜਿਮ ਰਾਖਿ ਹੈ ਦੁਸਟ ਅਰਿਸਟ ਸੰਘਾਰ ॥੨੫॥

(ਦਸਮ-੭੨)

ਦੋਹਰਾ ॥

ਸਤ੍ਰਹ ਸੈ ਪੈਤਾਲ ਮਹਿ ਸਾਵਨ ਸੁਦਿ ਥਿਤਿ ਦੀਪ ॥ ਨਗਰ ਪਾਵਟਾ ਸੁਭ ਕਰਨ ਜਮਨਾ ਬਹੈ ਸਮੀਪ ॥੨੪੯੦॥ ਦਸਮ ਕਥਾ ਭਾਗੌਤ ਕੀ ਭਾਖਾ ਕਰੀ ਬਨਾਇ ॥ ਅਵਰ ਬਾਸਨਾ ਨਾਹਿ ਪ੍ਰਭ ਧਰਮ ਜੁੱਧ ਕੇ ਚਾਇ ॥੨੪੯੧॥

ਸ੍ਵੈਯਾ ॥

ਧੰਨ ਜੀਓ ਤਿਹ ਕੋ ਜਗ ਮੈ ਮੁਖ ਤੇ ਹਰਿ ਚਿੱਤ ਮੈ ਜੁਧੁ ਬਿਚਾਰੈ ॥ ਦੇਹ ਅਨਿੱਤ ਨ ਨਿੱਤ ਰਹੈ ਜਸੁ ਨਾਵ ਚੜੈ

ਭਵ ਸਾਗਰ ਤਾਰੈ ॥ ਧੀਰਜ ਧਾਮ ਬਨਾਇ ਇਹੈ ਤਨ ਬੁੱਧਿ ਸੁ ਦੀਪਕ ਜਿਉ ਉਜੀਆਰੈ ॥ ਗਿਆਨਹਿ ਕੀ ਬਢਨੀ ਮਨਹੁ ਹਾਥ ਲੈ ਕਾਤਰਤਾ ਕੁਤਵਾਰ ਬੁਹਾਰੈ ॥੨੪੯੨॥

(ਦਸਮ-੫੭੦)

ਦੋਹਰਾ ॥

ਰਾਮ ਕਥਾ ਜੁਗ ਜੁਗ ਅਟਲ ਸਭ ਕੋਈ ਭਾਖਤ ਨੇਤ ॥ ਸੁਰਗ ਬਾਸ ਰਘੁਬਰ ਕਰਾ ਸਗਰੀ ਪੁਰੀ ਸਮੇਤ ॥੮੫੮॥

ਚੌਪਈ ॥

ਜੋ ਇਹ ਕਥਾ ਸੁਨੈ ਅਰੁ ਗਾਵੈ ॥
ਦੂਖ ਪਾਪ ਤਿਹ ਨਿਕਟ ਨ ਆਵੈ ॥
ਬਿਸਨ ਭਗਤ *ਕੀਏ ਫਲ ਹੋਈ ॥
ਆਧਿ ਬਯਾਧਿ ਛ੍ਵੈ ਸਕੈ ਨ ਕੋਈ ॥੮੫੯॥ ਸੰਮਤ ਸੱਤ੍ਰਹ ਸਹਸ ਪਚਾਵਨ ॥ ਹਾੜ ਵਦੀ ਪ੍ਰਿਥਮ ਸੁਖ ਦਾਵਨ ॥ ਤ੍ਵ ਪ੍ਰਸਾਦਿ ਕਰਿ ਗ੍ਰੰਥ ਸੁਧਾਰਾ ॥ ਭੂਲ ਪਰੀ ਲਹੁ ਲੇਹੁ ਸੁਧਾਰਾ ॥੮੬੦॥

ਦੋਹਰਾ ॥

ਨੇਤ੍ਰ ਤੁੰਗ ਕੇ ਚਰਨ ਤਰ ਸਤਦ੍ਰਵ

ਉਚਾਰਨ ਸੇਧ—*ਕੀਏ, ਅਤੇ 'ਕੀ; ਏ' ਦੋਨੋਂ ਉਚਾਰਨ ਹੀ ਸ਼ੁੱਧ ਹਨ

ਤੀਰ ਤਰੰਗ ॥ ਸ੍ਰੀ ਭਗਵਤ ਪੂਰਨ ਕੀਯੋ ਰਘੁਬਰ ਕਥਾ ਪ੍ਰਸੰਗ ॥੮੬੧॥

ਸਾਧ ਅਸਾਧ ਜਾਨੋ ਨਹੀ ਬਾਦ ਸੁਬਾਦ ਬਿਬਾਦ ॥ ਗ੍ਰੰਥ ਸਕਲ ਪੂਰਣ ਕੀਯੋ ਭਗਵਤ ਕ੍ਰਿਪਾ ਪ੍ਰਸਾਦਿ ॥੮੬੨॥

ਸ੍ਵੈਯਾ ॥

ਪਾਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਖ ਤਰੇ ਨਹੀ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਬੈ ਬਹੁ ਭੇਦ ਕਹੈ ਹਮ ਏਕ ਨ ਜਾਨਯੋ ॥ ਸ੍ਰੀ ਅਸਪਾਨ ਕ੍ਰਿਪਾ

ਤੁਮਰੀ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ ॥੮੬੩॥

ਦੋਹਰਾ ॥

ਸਗਲ ਦੁਆਰ ਕਉ ਛਾਡਿ ਕੈ ਗਹਯੋ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥੮੬੪॥ (ਦਸਮ-੨੫੪)

ਰਾਮਕਲੀ ਮਹਲਾ ੩ ਅਨੰਦੁ

ੴ ਸਤਿਗੁਰ ਪ੍ਰਸਾਦਿ ॥

ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ

ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥ ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ ॥ ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥ ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ

ਰਹੁ ਹਰਿ ਨਾਲੇ ॥੨॥ ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥ ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥ ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ

ਪੁਜਾਈਆ ॥ ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ ਮੇਰਾ ਆਧਾਰੋ ॥੪॥ ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ

ਵਾਜੇ ॥੫॥ ਅਨਦੁ ਸੁਣਹੁ ਵਡਭਾਗੀਹੋ ਸਗਲ ਮਨੋਰਥ ਪੂਰੇ ॥ ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ ॥ ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ ॥ ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ ॥ ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ ॥੪੦॥੧॥ (੯੧੭-੨੨)

ਮੁੰਦਾਵਣੀ ਮਹਲਾ ੫ ॥

ਥਾਲ ਵਿਚਿ ਤਿੰਨਿ ਵਸਤੂ ਪਈਓ

ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ ॥੧॥

ਸਲੋਕ ਮਹਲਾ ੫ ॥

ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ* ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ* ॥ ਤਰਸੁ ਪਇਆ ਮਿਹਰਾਮਤਿ ਹੋਈ

ਉਚਾਰਨ ਸੇਧ—*ਕੀਤੋ-ਈ ਇਕੱਠਾ ਬੋਲੋ। *ਪਇਓ-ਈ ਇਕੱਠਾ ਬੋਲੋ।

ਸਤਿਗੁਰੁ ਸਜਣੁ ਮਿਲਿਆ ॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ ॥੧॥ (੧੪੨੯)

ਪਉੜੀ ॥

ਤਿਥੈ ਤੂ ਸਮਰਥੁ ਜਿਥੈ ਕੋਇ ਨਾਹਿ ॥ ਓਥੈ ਤੇਰੀ ਰਖ ਅਗਨੀ ਉਦਰ ਮਾਹਿ ॥ ਸੁਣਿਕੈ ਜਮ ਕੇ ਦੂਤ ਨਾਇ ਤੇਰੈ ਛਡਿ ਜਾਹਿ ॥ ਭਉਜਲੁ ਬਿਖਮੁ ਅਸਗਾਹੁ ਗੁਰ ਸਬਦੀ ਪਾਰਿ ਪਾਹਿ ॥ ਜਿਨ ਕਉ ਲਗੀ ਪਿਆਸ ਅੰਮ੍ਰਿਤੁ ਸੇਇ ਖਾਹਿ ॥ ਕਲਿ ਮਹਿ ਏਹੋ ਪੁੰਨੁ ਗੁਣ ਗੋਵਿੰਦ ਗਾਹਿ ॥

ਸਭਸੈ ਨੋ ਕਿਰਪਾਲੁ ਸਮ੍ਹਾਲੇ ਸਾਹਿ ਸਾਹਿ ॥ ਬਿਰਥਾ ਕੋਇ ਨ ਜਾਇ ਜਿ ਆਵੈ ਤੁਧੁ ਆਹਿ ॥੯॥ (੯੬੨)

ਸਲੋਕੁ ਮ: ੫ ॥

ਅੰਤਰਿ ਗੁਰੁ ਆਰਾਧਣਾ ਜਿਹਵਾ ਜਪਿ ਗੁਰ ਨਾਉ ॥ ਨੇਤ੍ਰੀ ਸਤਿਗੁਰੁ ਪੇਖਣਾ ਸ੍ਰਵਣੀ ਸੁਨਣਾ ਗੁਰ ਨਾਉ ॥ ਸਤਿਗੁਰ ਸੇਤੀ ਰਤਿਆ ਦਰਗਹ ਪਾਈਐ ਠਾਉ ॥ ਕਹੁ ਨਾਨਕ ਕਿਰਪਾ ਕਰੇ ਜਿਸਨੋ ਏਹ ਵਥੁ ਦੇਇ ॥ ਜਗ ਮਹਿ ਉਤਮ ਕਾਢੀਅਹਿ ਵਿਰਲੇ ਕੇਈ ਕੇਇ ॥੧॥

ਮ: ੫ ॥

ਰਖੇ ਰਖਣਹਾਰਿ ਆਪਿ ਉਬਾਰਿਅਨੁ ॥
ਗੁਰ ਕੀ ਪੈਰੀ ਪਾਇ ਕਾਜ ਸਵਾਰਿਅਨੁ ॥
ਹੋਆ ਆਪਿ ਦਇਆਲੁ ਮਨਹੁ ਨ ਵਿਸਾਰਿਅਨੁ ॥ ਸਾਧ ਜਨਾ ਕੈ ਸੰਗਿ ਭਵਜਲੁ ਤਾਰਿਅਨੁ ॥ ਸਾਕਤ ਨਿੰਦਕ ਦੁਸਟ ਖਿਨ ਮਾਹਿ ਬਿਦਾਰਿਅਨੁ ॥ ਤਿਸੁ ਸਾਹਿਬ ਕੀ ਟੇਕ ਨਾਨਕ ਮਨੈ ਮਾਹਿ ॥ ਜਿਸੁ ਸਿਮਰਤ ਸੁਖੁ ਹੋਇ ਸਗਲੇ ਦੂਖ ਜਾਹਿ ॥੨॥ (੫੧੭)

ਵਾਹਿਗੁਰੂ ਜੀ ਕਾ ਖ਼ਾਲਸਾ ॥

ਵਾਹਿਗੁਰੂ ਜੀ ਕੀ ਫ਼ਤਹਿ ॥

# ਆਰਤੀ-ਆਰਤਾ

ਧਨਾਸਰੀ ਮਹਲਾ ੧ ਆਰਤੀ

ੴ ਸਤਿਗੁਰ ਪ੍ਰਸਾਦਿ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨ ਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ

ਨਨ ਨੈਨ ਹੈ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਕੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਮਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਮਿ ਵਾਸਾ

॥੪॥੧॥੭॥੯॥ (੬੬੩)

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥ ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥੧॥ ਰਹਾਉ ॥ ਨਾਮੁ ਤੇਰੋ ਆਸਨੋ ਨਾਮੁ ਤੇਰੋ ਉਰਸਾ ਨਾਮੁ ਤੇਰਾ ਕੇਸਰੋ ਲੇ ਛਿਟਕਾਰੇ ॥ ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥੧॥ ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ ॥ ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ ॥੨॥

ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੂਠਾਰੇ ॥ ਤੇਰੋ ਕੀਆ ਤੁਝਹਿ ਕਿਆ ਅਰਪਉ ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥੩॥ ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ ॥ ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿ ਨਾਮੁ ਹੈ ਹਰਿ ਭੋਗ ਤੁਹਾਰੇ ॥੪॥੩॥

(੬੯੪)

ਸ੍ਰੀ ਸੈਣੁ ॥

ਧੂਪ ਦੀਪ ਘ੍ਰਿਤ ਸਾਜਿ ਆਰਤੀ ॥ ਵਾਰਨੇ ਜਾਉ ਕਮਲਾਪਤੀ ॥੧॥

ਮੰਗਲਾ ਹਰਿ ਮੰਗਲਾ ॥ ਨਿਤ ਮੰਗਲੁ ਰਾਜਾ ਰਾਮ ਰਾਇ ਕੋ ॥੧॥ ਰਹਾਉ ॥
ਊਤਮੁ ਦੀਅਰਾ ਨਿਰਮਲ ਬਾਤੀ ॥ ਤੁਹੀ ਨਿਰੰਜਨੁ ਕਮਲਾ ਪਾਤੀ ॥੨॥
ਰਾਮਾ ਭਗਤਿ ਰਾਮਾਨੰਦੁ ਜਾਨੈ ॥ ਪੂਰਨ ਪਰਮਾਨੰਦੁ ਬਖਾਨੈ ॥੩॥ ਮਦਨ ਮੂਰਤਿ ਭੈ ਤਾਰਿ ਗੋਬਿੰਦੇ ॥ ਸੈਣੁ ਭਣੈ ਭਜੁ ਪਰਮਾਨੰਦੇ ॥੪॥੨॥

(੬੯੫)

ਪ੍ਰਭਾਤੀ ॥

ਸੁੰਨ ਸੰਧਿਆ ਤੇਰੀ ਦੇਵ ਦੇਵਾ ਕਰ ਅਧਪਤਿ ਆਦਿ ਸਮਾਈ ॥ ਸਿਧ

ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ ॥੧॥ ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ ॥ ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥੧॥ ਰਹਾਉ ॥ ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯ੍ਯਾਰਾ* ॥ ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥੨॥ ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ ॥ ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥੫॥ (੧੩੫੦)

ਉਚਾਰਨ ਸੇਧ—*ਉਜਿਆਰਾ ਬੋਲੋ।

ਧੰਨਾ ॥

ਗੋਪਾਲ ਤੇਰਾ ਆਰਤਾ ॥ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥੧॥ ਰਹਾਉ ॥ ਦਾਲਿ ਸੀਧਾ ਮਾਗਉ ਘੀਉ ॥ ਹਮਰਾ ਖੁਸੀ ਕਰੈ ਨਿਤ ਜੀਉ ॥ ਪਨ੍ਹੀਆ ਛਾਦਨੁ ਨੀਕਾ ॥ ਅਨਾਜੁ ਮਗਉ ਸਤ ਸੀਕਾ ॥੧॥ ਗਊ ਭੈਸ ਮਗਉ ਲਾਵੇਰੀ ॥ ਇਕ ਤਾਜਨਿ ਤੁਰੀ ਚੰਗੇਰੀ ॥ ਘਰ ਕੀ ਗੀਹਨਿ ਚੰਗੀ ॥ ਜਨੁ ਧੰਨਾ ਲੇਵੈ ਮੰਗੀ ॥੨॥੪॥

(੬੯੫)

ਰਾਗੁ ਸੋਰਠਿ ॥

ਭੂਖੇ ਭਗਤਿ ਨ ਕੀਜੈ ॥ ਯਹ ਮਾਲਾ ਅਪਨੀ ਲੀਜੈ ॥ ਹਉ ਮਾਂਗਉ ਸੰਤਨ ਰੇਨਾ ॥ ਮੈ ਨਾਹੀ ਕਿਸੀ ਕਾ ਦੇਨਾ ॥੧॥ ਮਾਧੋ ਕੈਸੀ ਬਨੈ ਤੁਮ ਸੰਗੇ ॥ ਆਪਿ ਨ ਦੇਹੁ ਤ ਲੇਵਉ ਮੰਗੇ ॥ ਰਹਾਉ ॥ ਦੁਇ ਸੇਰ ਮਾਂਗਉ ਚੂਨਾ ॥ ਪਾਉ ਘੀਉ ਸੰਗਿ ਲੂਨਾ ॥ ਅਧ ਸੇਰੁ ਮਾਂਗਉ ਦਾਲੇ ॥ ਮੋ ਕਉ ਦੋਨਉ ਵਖਤ ਜਿਵਾਲੇ ॥੨॥ ਖਾਟ ਮਾਂਗਉ ਚਉਪਾਈ ॥ ਸਿਰਹਾਨਾ ਅਵਰ ਤੁਲਾਈ ॥ ਊਪਰ ਕਉ ਮਾਂਗਉ

ਖੀਂਧਾ ॥ ਤੇਰੀ ਭਗਤਿ ਕਰੈ ਜਨੁ ਥੀਂਧਾ ॥੩॥ ਮੈ ਨਾਹੀ ਕੀਤਾ ਲਬੋ ॥ ਇਕੁ ਨਾਉ ਤੇਰਾ ਮੈ ਫਬੋ ॥ ਕਹਿ ਕਬੀਰ ਮਨੁ ਮਾਨਿਆ ॥ ਮਨੁ ਮਾਨਿਆ ਤਉ ਹਰਿ ਜਾਨਿਆ ॥੪॥੧੧॥

(੬੫੬)

ਦੋਹਰਾ ॥

ਲੋਪ ਚੰਡਕਾ ਹੋਇ ਗਈ ਸੁਰਪਤਿ ਕੌ ਦੇ ਰਾਜ ॥ ਦਾਨਵ ਮਾਰ ਅਭੇਖ ਕਰਿ ਕੀਨੇ ਸੰਤਨ ਕਾਜ ॥੫੩ ॥

ਸ੍ਵੈਯਾ ॥

ਯਾ ਤੇ ਪ੍ਰਸੰਨਿ ਭਏ ਹੈ ਮਹਾਂ ਮੁਨਿ

ਦੇਵਨ ਕੇ ਤਪ ਮੈ ਸੁਖ ਪਾਵੈਂ ॥ ਜੱਗਜ ਕਰੈ ਇਕ ਬੇਦ ਰਰੈ ਭਵ ਤਾਪ ਹਰੈ ਮਿਲਿ ਧਿਆਨਹਿ ਲਾਵੈਂ ॥ ਝਾਲਰ ਤਾਲ ਮ੍ਰਿਦੰਗ ਉਪੰਗ ਰਬਾਬ ਲੀਏ ਸੁਰ ਸਾਜ ਮਿਲਾਵੈਂ ॥ ਕਿੰਨਰ ਗੰਧ੍ਰਬ ਗਾਨ ਕਰੈ ਗਨਿ ਜੱਛ ਅਪੱਛਰ ਨਿਰਤ ਦਿਖਾਵੈਂ ॥੫੪॥ ਸੰਖਨ ਕੀ ਧੁਨ ਘੰਟਨਿ ਕੀ ਕਰਿ ਫੂਲਨ ਕੀ ਬਰਖਾ ਬਰਖਾਵੈਂ ॥ ਆਰਤੀ ਕੋਟ ਕਰੈ ਸੁਰ ਸੁੰਦਰ ਪੇਖ ਪੁਰੰਦਰ ਕੇ ਬਲਿ ਜਾਵੈਂ ॥ ਦਾਨਤ ਦੱਛਨ ਦੈ ਕੈ ਪ੍ਰਦੱਛਨ ਭਾਲ ਮੈ ਕੁੰਕਮ ਅੱਛਤ

ਲਾਵੈਂ ॥ ਹੋਤ ਕੁਲਾਹਲ ਦੇਵਪੁਰੀ ਮਿਲਿ ਦੇਵਨ ਕੇ ਕੁਲਿ ਮੰਗਲਿ ਗਾਵੈਂ ॥੫੫॥

ਦੋਹਰਾ ॥

ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ ॥ ਤੀਨ ਲੋਕ ਜੈ ਜੈ ਕਰੈ ਰਰੈ ਨਾਮ ਸਤਿ ਜਾਪ ॥੫੬॥

(ਦਸਮ-੭੯)

ਸ੍ਵੈਯਾ ॥

ਹੇ ਰਵਿ ਹੇ ਸਸਿ ਹੇ ਕਰੁਨਾਨਿਧ ਮੇਰੀ ਅਬੈ ਬਿਨਤੀ ਸੁਨਿ ਲੀਜੈ ॥ ਅਉਰ ਨ ਮਾਗਤ ਹਉ ਤੁਮ ਤੇ ਕਛੁ

ਚਾਹਤ ਹਉ ਚਿਤ ਮੈ ਸੋਈ ਕੀਜੈ ॥ ਸਸਤ੍ਰਨ ਸਿਉ ਅਤਿ ਹੀ ਰਨ ਭੀਤਰ ਜੂਝ ਮਰੋ ਕਹਿ ਸਾਚ ਪਤੀਜੈ ॥ ਸੰਤ ਸਹਾਇ ਸਦਾ ਜਗ ਮਾਇ ਕ੍ਰਿਪਾ ਕਰਿ ਸਯਾਮ ਇਹੈ ਬਰੁ ਦੀਜੈ ॥੧੯੦੦॥

(ਦਸਮ-੪੯੫)

ਕਬਿਤੁ ॥

ਸੰਕਟ ਹਰਨ ਸਭ ਸਿੱਧ ਕੀ ਕਰਨ ਚੰਡ ਤਾਰਨ ਤਰਨ ਸਰਨ ਲੋਚਨ ਬਿਸਾਲ ਹੈ ॥ ਆਦਿ ਜਾ ਕੈ ਆਹਮ ਹੈ ਅੰਤ ਕੋ ਨ ਪਾਰਾਵਾਰ ਸਰਨ ਉਬਾਰਨ ਕਰਨ ਪ੍ਰਤਿਪਾਲ ਹੈ ॥ ਅਸੁਰ

ਸੰਘਾਰਨ ਅਨਿਕ ਦੂਖ ਜਾਰਨ ਸੋ ਪਤਿਤ ਉਧਾਰਨ ਛਡਾਏ ਜਮ ਜਾਲ ਹੈ ॥ ਦੇਵੀ ਬਰ ਲਾਇਕ ਸਬੁੱਧਿ ਹੂ ਕੀ ਦਾਇਕ ਸੁ ਦੇਹ ਬਰ ਪਾਇਕ ਬਨਾਵੈ ਗ੍ਰੰਥ ਹਾਲ ਹੈ ॥੭॥ (ਦਸਮ-੨੫੫)

ਕਵਿਤੁ ॥

ਮਿਲਿ ਕੈ ਸੁ ਦੇਵਨ ਬਡਾਈ ਕਰੀ ਕਾਲਕਾ ਕੀ ਏਹੋ ਜਗਮਾਤ ਤੈ ਤੋ ਕਟਿਓ ਬਡੋ ਪਾਪੁ ਹੈ ॥ ਦੈਤਨ ਕੋ ਮਾਰ ਰਾਜ ਦੀਨੋ ਤੈ ਸੁਰੇਸ ਹੂੰ ਕੋ ਬਡੋ ਜਸੁ ਲੀਨੋ ਜਗ ਤੇਰੋਈ ਪ੍ਰਤਾਪੁ ਹੈ ॥ ਦੇਤ ਹੈ ਅਸੀਸ ਦਿਜਰਾਜ ਰਿਖ ਬਾਰਿ

ਬਾਰਿ ਤਹਾ ਹੀ *ਪੜਿਓ ਹੈ ਬ੍ਰਹਮ ਕਉਚ ਹੂੰ ਕੋ ਜਾਪ ਹੈ ॥ ਐਸੇ ਜਸੁ ਪੂਰ ਰਹਿਓ ਚੰਡਕਾ ਕੋ ਤੀਨ ਲੋਕ ਜੈਸੇ ਧਾਰ ਸਾਗਰ ਮੈ ਗੰਗਾ ਜੀ ਕੋ ਆਪੁ ਹੈ ॥੨੨੭॥

(ਦਸਮ-੯੮)

ਸ੍ਵੈਯਾ ॥

ਤਾਰਨ ਲੋਕ ਉਧਾਰਨ ਭੂਮਹਿ ਦੈਤ ਸੰਘਾਰਨ ਚੰਡ ਤੁਹੀ ਹੈ ॥ ਕਾਰਨ ਈਸ ਕਲਾ ਕਮਲਾ ਹਰਿ ਅਦ੍ਰ ਸੁਤਾ ਜਹ ਦੇਖੌ ਉਹੀ ਹੈ ॥ *ਤਾਮਸਤਾ ਮਮਤਾ ਨਮਤਾ ਕਵਿਤਾ ਕਵਿ ਕੇ ਮਨ ਮੱਧਿ ਗੁਹੀ ਹੈ ॥ ਕੀਨੋ ਹੈ ਕੰਚਨ ਲੋਹ

ਉਚਾਰਨ ਸੇਧ—*ਪੜਿਓ=ਭਾਰਾ ਬੋਲੋ, *ਤਾਮਸ-ਤਾ= ਇਕੱਠਾ ਬੋਲੋ।

ਜਗਤ੍ਰ ਮੈ ਪਾਰਸ ਮੂਰਤ ਜਾਹਿ ਛੁਹੀ ਹੈ ॥੪॥

(ਦਸਮ-੭੪)

ਸਵੈਯਾ ॥

ਕਾਲ ਹੀ ਪਾਇ ਭਯੋ ਭਗਵਾਨ ਸੁ ਜਾਗਤ ਯਾ ਜਗ ਜਾ ਕੀ ਕਲਾ ਹੈ ॥
ਕਾਲ ਹੀ ਪਾਇ ਭਯੋ ਬ੍ਰਹਮਾ ਸਿਵ ਕਾਲ ਹੀ ਪਾਇ ਭਯੋ ਜੁਗੀਆ ਹੈ ॥
ਕਾਲ ਹੀ ਪਾਇ ਸੁਰਾਸੁਰ ਗੰਧ੍ਰਬ ਜੱਛ ਭੁਜੰਗ ਦਿਸਾ ਬਿਦਿਸਾ* ਹੈ ॥ ਔਰ ਸਕਾਲ ਸਭੈ ਬਸਿ ਕਾਲ ਕੇ ਏਕ ਹੀ ਕਾਲ ਅਕਾਲ ਸਦਾ ਹੈ ॥੯੪॥

(ਦਸਮ-੪੪)

ਉਚਾਰਨ ਸੇਧ—*ਬਿ-ਦਿਸਾ ਬੋਲੋ।

ਸਵੈਯਾ ॥

ਮੇਰ ਕਰੋ ਤ੍ਰਿਣ ਤੇ ਮੁਹਿ ਜਾਹਿ ਗਰੀਬ ਨਿਵਾਜ ਨ ਦੂਸਰ ਤੋ ਸੋ ॥ ਭੂਲ ਛਿਮੋ ਹਮਰੀ ਪ੍ਰਭ ਆਪ ਨ ਭੂਲਨਹਾਰ ਕਹੂੰ ਕੋਊ ਮੋ ਸੋ ॥ ਸੇਵ ਕਰੀ ਤੁਮਰੀ ਤਿਨ ਕੇ ਸਭ ਹੀ ਗ੍ਰਿਹ ਦੇਖੀਅਤ ਦ੍ਰਬ ਭਰੋ ਸੋ ॥ ਯਾ ਕਲ ਮੈ ਸਭ ਕਾਲ ਕ੍ਰਿਪਾਨ ਕੇ ਭਾਰੀ ਭੁਜਾਨ ਕੋ ਭਾਰੀ ਭਰੋਸੋ ॥੯੨॥ (ਦਸਮ-੪੫

ਸ੍ਵੈਯਾ ॥

ਭਾਜਿ ਗਇਓ ਮਘਵਾ ਜਿਨ ਕੇ ਡਰ ਬ੍ਰਹਮ ਤੇ ਆਦਿ ਸਭੈ ਭੈ ਭੀਤੇ ॥

ਤੇਈ ਵੈ ਦੈਤ ਪਰਾਇ ਗਏ ਰਨ ਹਾਰ ਨਿਹਾਰ ਭਏ ਬਲੁ ਰੀਤੇ ॥ ਜੰਬੁਕ ਗ੍ਰਿਝ ਨਿਰਾਸ ਭਏ ਬਨਬਾਸ ਗਏ ਜੁਗ ਜਾਮ ਨ ਬੀਤੇ ॥ ਸੰਤ ਸਹਾਇ ਸਦਾ ਜਗ ਮਾਇ ਸੁ ਸੁੰਭ ਨਿਸੁੰਭ ਬਡੇ ਅਰਿ ਜੀਤੇ ॥੨੨੫॥ ਦੇਵ ਸਭੈ ਮਿਲਿ ਕੈ ਇਕ ਠਉਰ ਸੁ ਅੱਛਤ ਕੁੰਕਮ ਚੰਦਨ ਲੀਨੋ ॥ ਤੱਛਨ ਲੱਛਨ ਦੈ ਕੈ ਪ੍ਰਦੱਛਨ ਟੀਕਾ ਸੁ ਚੰਡ ਕੇ ਭਾਲ ਮੈ ਦੀਨੋ ॥ ਤਾ ਛਬਿ ਕੋ ਉਪਜਯੋ ਤਹ ਭਾਵ ਇਹੈ ਕਵਿ ਨੇ ਮਨ ਮੈ ਲਖਿ ਲੀਨੋ ॥ ਮਾਨਹੁ ਚੰਦ ਕੇ ਮੰਡਲ ਮੈ ਸੁਭ ਮੰਗਲ ਆਨ

ਪ੍ਰਵੇਸਹਿ ਕੀਨੋ ॥੨੨੬॥ (ਦਸਮ-੯੮)

ਸ੍ਵੈਯਾ ॥

ਦੇਹਿ ਅਸੀਸ ਸਭੈ ਸੁਰ ਨਾਰਿ ਸੁਧਾਰਿ ਕੈ ਆਰਤੀ ਦੀਪ ਜਗਾਇਓ ॥ ਫੂਲ ਸੁਗੰਧ ਸੁ ਅੱਛਤ ਦੱਛਨ ਜੱਛਨ ਜੀਤ ਕੋ ਗੀਤ ਸੁ ਗਾਇਓ ॥ ਧੂਪ ਜਗਾਇ ਕੈ ਸੰਖ ਬਜਾਇ ਕੈ ਸੀਸ ਨਿਵਾਇ ਕੈ ਬੈਨ ਸੁਨਾਇਓ ॥ ਹੇ ਜਗ ਮਾਇ ਸਦਾ ਸੁਖ ਦਾਇ ਤੈ ਸੁੰਭ ਕੋ ਘਾਇ ਬਡੋ ਜਸੁ ਪਾਇਓ ॥੨੨੮॥ ਸਕ੍ਰਹਿ ਸਾਜਿ ਸਮਾਜ ਦੈ ਚੰਡ ਸੁ ਮੋਦ ਮਹਾ ਮਨ

ਮਾਹਿ ਰਈ ਹੈ ॥ ਸੂਰ ਸਸੀ ਨਭ ਥਾਪ ਕੈ ਤੇਜੁ ਦੈ ਆਪ ਤਹਾ ਤੇ ਸੁ ਲੋਪ ਭਈ ਹੈ ॥ ਬੀਚ ਅਕਾਸ ਪ੍ਰਕਾਸ ਬਢਿਓ ਤਹ ਕੀ ਉਪਮਾ ਮਨ ਤੇ ਨ ਗਈ ਹੈ ॥ ਧੂਰ ਕੈ ਪੂਰ ਮਲੀਨ ਹੁਤੋ ਰਵਿ ਮਾਨਹੁ ਚੰਡਕਾ ਓਪ ਦਈ ਹੈ ॥੨੨੯॥

(ਦਸਮ-੯੯)

ਸ੍ਵੈਯਾ ॥

ਦੇਹ ਸਿਵਾ ਬਰ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋਂ ॥ ਨ ਡਰੋਂ ਅਰਿ ਸੋਂ ਜਬ ਜਾਇ ਲਰੋਂ ਨਿਸਚੈ ਕਰ ਆਪਨੀ ਜੀਤ ਕਰੋਂ ॥ ਅਰੁ ਸਿਖ ਹੌ

ਆਪਨੇ ਹੀ ਮਨ ਕੌ ਇਹ ਲਾਲਚ ਹਉ ਗੁਨ ਤਉ ਉਚਰੋਂ ॥ ਜਬ ਆਵ ਕੀ ਅਉਧ ਨਿਦਾਨ ਬਨੈ ਅਤਿ ਹੀ ਰਨ ਮੈ ਤਬ ਜੂਝ ਮਰੋਂ ॥੨੩੧॥ ਚੰਡ ਚਰਿਤ੍ਰ ਕਵਿੱਤਨ ਮੈ ਬਰਨਿਓ ਸਭ ਹੀ ਰਸ ਰੁਦ੍ਰ ਮਈ ਹੈ ॥ ਏਕ ਤੇ ਏਕ ਰਸਾਲ ਭਇਓ ਨਖ ਤੇ ਸਿਖ ਲਉ ਉਪਮਾ ਸੁ ਨਈ ਹੈ ॥ ਕਉਤਕ ਹੇਤ ਕਰੀ ਕਵਿ ਨੇ ਸਤਿਸਯ* ਕੀ ਕਥਾ ਇਹ ਪੂਰੀ ਭਈ ਹੈ ॥ ਜਾਹਿ ਨਮਿੱਤ ਪੜੈ ਸੁਨਿ ਹੈ ਨਰ ਸੋ ਨਿਸਚੈ ਕਰਿ ਤਾਹਿ ਦਈ ਹੈ ॥੨੩੨॥

ਉਚਾਰਨ ਸੇਧ—*ਸਤਿ-ਸੈ ਬੋਲੋ ।

ਦੋਹਰਾ ॥

ਗ੍ਰੰਥ ਸਤਿਸਇਆ ਕੋ ਕਰਿਓ ਜਾ ਸਮ ਅਵਰੁ ਨ ਕੋਇ ॥ ਜਿਹ ਨਮਿਤ ਕਵਿ ਨੇ ਕਹਿਓ ਸੁ ਦੇਹ ਚੰਡਕਾ ਸੋਇ ॥੨੩੩॥

(ਦਸਮ-੯੯)

ਦੋਹਰਾ ॥

ਨਮਸਕਾਰ ਸ੍ਰੀ ਖੜਗ ਕੋ ਕਰੌ ਸੁ ਹਿਤੁ ਚਿਤੁ ਲਾਇ ॥ ਪੂਰਨ ਕਰੌ ਗਿਰੰਥ ਇਹ ਤੁਮ ਮੁਹਿ ਕਰਹੁ ਸਹਾਇ ॥੧॥

ਤ੍ਰਿਭੰਗੀ ਛੰਦ ॥

ਸ੍ਰੀ ਕਾਲ ਜੀ ਕੀ ਉਸਤਤਿ ॥

ਖਗ ਖੰਡ ਬਿਹੰਡੰ ਖਲ ਦਲ ਖੰਡੰ

ਅਤਿ ਰਣ ਮੰਡੰ ਬਰਬੰਡੰ ॥ ਭੁਜਦੰਡ ਅਖੰਡੰ ਤੇਜ ਪ੍ਰਚੰਡੰ ਜੋਤਿ ਅਮੰਡੰ ਭਾਨ ਪ੍ਰਭੰ ॥ ਸੁਖ ਸੰਤਾ ਕਰਣੰ ਦੁਰਮਤਿ ਦਰਣੰ ਕਿਲਬਿਖ ਹਰਣੰ ਅਸ ਸਰਣੰ ॥ ਜੈ ਜੈ ਜਗ ਕਾਰਣ ਸ੍ਰਿਸਟ ਉਬਾਰਣ ਮਮ ਪ੍ਰਤਿਪਾਰਣ ਜੈ ਤੇਗੰ ॥੨॥

(ਦਸਮ-੩੯)

ਸ੍ਵੈਯਾ ॥

ਰੋਗਨ ਤੇ ਅਰ ਸੋਗਨ ਤੇ ਜਲ ਜੋਗਨ ਤੇ ਬਹੁ ਭਾਂਤ ਬਚਾਵੈ ॥ ਸਤ੍ਰ ਅਨੇਕ ਚਲਾਵਤ ਘਾਵ ਤਊ ਤਨ ਏਕ ਨ ਲਾਗਨ ਪਾਵੈ ॥ ਰਾਖਤ ਹੈ

ਅਪਨੋ ਕਰ ਦੈ ਕਰ ਪਾਪ ਸਬੂਹ ਨ ਭੇਟਨ ਪਾਵੈ ॥ ਔਰ ਕੀ ਬਾਤ ਕਹਾ ਕਹ ਤੋ ਸੌਂ ਸੁ ਪੇਟ ਹੀ ਕੇ ਪਟ ਬੀਚ ਬਚਾਵੈ ॥੬॥੨੪੮॥ (ਦਸਮ-੩੫)

ਸ੍ਵੈਯਾ ॥

ਪਾਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਖ ਤਰੇ ਨਹੀ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਬੈ ਬਹੁ ਭੇਦ ਕਹੈ ਹਮ ਏਕ ਨ ਜਾਨਯੋ ॥ ਸ੍ਰੀ ਅਸਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਯੋ ਸਬ ਤੋਹਿ

ਬਖਾਨਜੋ ॥੮੬੩॥

ਦੋਹਰਾ ॥

ਸਗਲ ਦੁਆਰ ਕਉ ਛਾਡਿ ਕੈ ਗਹਯੋ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥੮੬੪॥

(ਦਸਮ-੨੫੪)

ਸਲੋਕੁ ਮ: ੧ ॥

ਗੁਰ ਦਾਤਾ ਗੁਰ ਹਿਵੈ ਘਰੁ ਗੁਰੁ ਦੀਪਕੁ ਤਿਹ ਲੋਇ ॥ ਅਮਰ ਪਦਾਰਥੁ ਨਾਨਕਾ ਮਨਿ ਮਾਨਿਐ ਸੁਖੁ ਹੋਇ ॥੧॥

(੧੩੭)

ਗੁਰੁ ਦਾਤਾ ਗੁਰ ਸੂਰਮਾ ਗੁਰੁ

ਸੀਤਲ ਨਿਰਦੋਖ ॥ ਨਾਨਕ ਗੁਰੁ ਤੇ ਪਾਈਐ ਸੀਲ ਧਰਮ ਸੰਤੋਖ ॥

(ਖਾਲਸਾ ਨਿਤਨੇਮ, ਬੁੱਢਾ ਦਲ)

ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ ਇਹ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥ ੫੧॥

ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੇ ਕਾਲ ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥

ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰ ਗੋਬਿੰਦ ॥ ਕਹੁ ਨਾਨਕ ਇਹ

ਜਗਤ ਮੈ ਕਿਨ ਜਪਿਓ ਗੁਰ ਮੰਤੁ ॥੫੬॥ ਰਾਮ ਨਾਮੁ ਉਰਿ ਮੈ ਗਹਿਓ ਜਾ ਕੈ ਸਮ ਨਹੀ ਕੋਇ ॥ ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥ (੧੪੨੮-੨੯)

ਦੋਹਰਾ ॥

ਆਗਿਆ ਭਈ ਅਕਾਲ ਕੀ ਤਬੀ ਚਲਾਇਓ ਪੰਥ ॥ ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨੀਓ ਗ੍ਰੰਥ ॥੧॥ ਗੁਰੂ ਗ੍ਰੰਥ ਜੀ ਮਾਨੀਐ ਪ੍ਰਗਟ ਗੁਰਾਂ ਕੀ ਦੇਹ ॥ ਜੋ ਪ੍ਰਭ ਕੋ ਮਿਲਬੋ ਚਹੈ ਖੋਜ ਸਬਦ ਮੈ ਲੇਹ ॥੨॥

(ਸ੍ਰੀ.ਗੁ.ਪੰ.ਪ੍ਰ., ਅਧਿ. ੭੧)

ੴ ਹੁਕਮਸੱਤਿ

ਸ੍ਰੀ ਵਾਹਿਗੁਰੂ ਜੀ ਕੀ ਫ਼ਤਹ ॥

ਸਿੱਕਾ ਜ਼ਦ ਬਰ ਹਰ-ਦੋ-ਆ਼ਲਮ ਫਜ਼ਲਿ ਸਚੇ ਸਾਹਿਬਸਤ ॥ ਗੋਬਿੰਦ ਸਿੰਘ ਖ਼ੁਦ ਸ਼ਾਹਿਨਸ਼ਾਹ ਤੇ਼ਗ ਨਾਨਕ ਵਾਹਿਬਸਤ ॥ ਦੇ਼ਗੋ ਤੇ਼ਗ ਫ਼ਤਹ ਨੁਸਰਤ ਬੇ-ਦਿਰੰਗ ਯਾਫ਼ਤਜ਼ ਨਾਨਕ ਗੁਰੂ ਗੋਬਿੰਦ ਸਿੰਘ ॥ ਸ੍ਰੀ ਅਕਾਲ ਪੁਰਖ ਜੀ ਸਹਾਇ ॥ ਜੀ ਦਰਬਾਰਨ ਮੈ ਤੇਰੋ ਦਰਬਾਰਾ ॥ ਸਚਖੰਡ ਵਸੈ ਨਿਰੰਕਾਰਾ ॥ ਲਛਮੀ ਖੜੀ ਤੁਮਰੇ ਦਰਬਾਰਾ ॥ ਸਰਬ ਦੇਵਤੇ ਕਰੇ

ਨਮਸਕਾਰਾ ॥ (ਖਾਲਸਾ ਨਿਤਨੇਮ, ਬੁੱਢਾ ਦਲ)

ਦੋਹਰਾ ॥

ਨਾਨਕ ਗੁਰੂ ਗੋਬਿੰਦ ਸਿੰਘ ਜੀ ਪੂਰਨ ਹਰਿ ਅਵਤਾਰ ॥ ਜਗਮਗ ਜੋਤਿ ਬਿਰਾਜ ਰਹੀ ਸ੍ਰੀ ਅਬਿਚਲ ਨਗਰ ਅਪਾਰ ॥

(ਸ੍ਰੀ.ਗੁ.ਪੰ.ਪ੍ਰ., ਅਧਿ ੭੧

ਦੋਹੀ ਫਿਰੈ ਅਕਾਲ ਕੀ ਨਿੰਦਕ ਟਿਕੇ ਨ ਕੋਇ ॥ ਬਨ ਪਰਬਤ ਸਭ ਭਜੇਗੇ ਤਰੇ ਜਗਤ ਮੈ ਸੋਇ ॥੩੨॥

(ਤਨਖਾਹਨਾਮਾ, ਭਾਈ ਨੰਦ ਲਾਲ ਜੀ)

ਚੌਪਈ ॥ ਸੁਨਹੁ ਨੰਦ ਲਾਲ ਇਹ

ਸਾਜ॥ ਪ੍ਰਗਟ ਕਰੂੰਗਾ ਅਪਨਾ ਰਾਜ॥ ਚਾਰ ਵਰਨ ਇਕ ਵਰਨ ਕਰਾਊਂ॥ ਵਾਹਿਗੁਰੂ ਜੀ ਕਾ ਨਾਮ ਜਪਾਊਂ॥੩੩॥

ਚੜ੍ਹੇ ਤੁਰੰਗ ਉਡਾਵੈ ਬਾਜ॥ ਦੇਖ ਖਾਲਸੇ ਕੋ ਤੁਰਕ ਜਾਣਗੇ ਭਾਜ॥ ਸਵਾ ਲਾਖ ਸੇ ਏਕ ਲੜਾਊਂ॥ ਚੜ੍ਹੈ ਸਿੰਘ ਤਿਸ ਮੁਕਤਿ ਕਰਾਊਂ॥੩੪॥

ਝੂਲਨ ਨੇਜੇ ਹਸਤੀ ਸਾਜੇ॥ ਦੁਆਰ ਦੁਆਰ ਪਰ ਨੌਬਤ ਬਾਜੇ॥ ਸਵਾ ਲਾਖ ਜਬ ਧੁਖੇ ਪਲੀਤਾ॥ ਤਬੈ ਖਾਲਸਾ ਉਦੈ ਅਸਤ ਲੌ

ਜੀਤਾ ॥੩੫॥

(ਤਨਖਾਹਨਾਮਾ, ਭਾਈ ਨੰਦ ਲਾਲ ਜੀ)

ਬਿਜੈ ਛੰਦ ॥

ਲੰਕ ਲੂਟ ਲਿਆਊਂ ਪਲਿਕ ਪੇਸ਼ ਖਾਨਾ ਚਲਾਊਂ ਨਰਦ ਗਰਦ ਮੈਂ ਮਿਲਾਊਂ ਜੋ ਮਾਤੇ* ਅਭਿਮਾਨ ਕੇ ॥ ਰੂਮ ਨੌਬਤ ਬਜਾਊਂ ਸ਼ਾਮ ਮੋਹਰਾਂ ਚਲਾਊਂ ਪਾਤਸ਼ਾਹੀ ਲੈ ਕਰਾਊਂ ਤਖਤ ਸਾਚੇ ਸਾਹਿਬਾਨ ਕੇ ॥ ਨ ਆਪ ਲਤੂੰ ਨ ਫੌਜ ਲੜਾਊਂ ਭਟ ਬੀਰਨ ਸੇਤੀ ਬਾਂਧ ਮੰਗਾਊਂ ॥ ਨਾ ਛਾਡੂੰ ਖਲਕ ਨਾ ਛਾਡੂੰ ਬਲਖ ਪਰਬਤ ਕਾਟੂੰ ਇਰਾਨ

ਉਚਾਰਨ ਸੇਧ—*ਮਾਤੇ ਕੱਸ ਕੇ ਬੋਲੋ।

ਖੁਰਾਸਾਨ ਕੇ ॥ ਮੇਰੋ ਤੋ ਨਾਉ ਗੋਬਿੰਦ ਸਿੰਘ ਸੋਢੀ ਰਾਇ ਅਸ ਖਲੈਂਨਾ ਸਭ ਖਲਕਤ ਰਾਜ ਸਾਜ ਬਾਂਧ ਮੰਗਾਊਂ ਗੋਸ਼ੇ ਕਮਾਨ ਕੇ ॥ (ਖਾਲਸਾ ਨਿਤਨੇਮ, ਬੁੱਢਾ ਦਲ)

ਦੋਹਰਾ ॥

ਅਸ ਕ੍ਰਿਪਾਨ ਖੰਡੋ ਖੜਗ ਤੁਪਕ ਤਬਰ ਅਰੁ ਤੀਰ ॥ ਸੈਫ ਸਰੋਹੀ ਸੈਹਥੀ ਯਹੈ ਹਮਾਰੈ ਪੀਰ ॥੩॥ ਤੀਰ ਤੁਹੀ ਸੈਥੀ ਤੁਹੀ ਤੁਹੀ ਤਬਰ ਤਰਵਾਰ ॥ ਨਾਮ ਤਿਹਾਰੋ ਜੋ ਜਪੈ ਭਏ ਸਿੰਧ ਭਵ ਪਾਰ ॥੪॥ (ਦਸਮ-੭੧੭)

*ਜਿਤੇ ਸਸਤ੍ਰ ਨਾਮੰ ॥ ਨਮਸਕਾਰ

ਉਚਾਰਨ ਸੋਧ—*ਜਿਤੇ ਪੋਲਾ ਬੋਲੋ।

ਤਾਮੰ ॥ ਜਿਤੇ ਅਸਤ੍ਰ ਭੇਯੰ ॥
ਨਮਸਕਾਰ ਤੇਯੰ ॥੯੧॥ (ਦਸਮ-੪੫)

ਤੀਰੋ ਤੁਫੰਗੋ ਬਡੋ ਰਾਮਜੰਗੋ ॥
ਧਨੁਖ-ਧਾਰ-ਅਣੀਅਰ ਕਮੰਦ-ਕੋਰੜਾ
ਪੰਜ ਸਸਤਰ ਪਰਵਾਣ ॥

(ਖਾਲਸਾ ਨਿਤਨੇਮ, ਬੁੱਢਾ ਦਲ)

ਦੋਹਰਾ ॥

ਰਾਜ ਕਰੇਗਾ ਖਾਲਸਾ ਆਕੀ ਰਹੇ
ਨ ਕੋਇ ॥ ਖੁਆਰ ਹੋਇ ਸਭ ਮਿਲੈਂਗੇ
ਬਚੇ ਸਰਨ ਜੋ ਹੋਇ ॥੩੯॥

(ਤਨਖਾਹਨਾਮਾ, ਭਾਈ ਨੰਦ ਲਾਲ ਜੀ)

ਉਠ ਗਈ ਸਭਾ ਮਲੇਛ ਕੀ ਕਰ

ਕੂੜਾ ਪਾਸਾਰ ॥ ਡੰਕਾ ਬਾਜੇ ਫਤਹਿ ਕਾ ਨਿਹਕਲੰਕ ਅਵਤਾਰ ॥

(ਖਾਲਸਾ ਨਿਤਨੇਮ, ਬੁੱਢਾ ਦਲ)

ਸਰਨਿ ਨਾਥ ਤੋਰੀਯੰ ॥ ਉਬਾਰ ਲਾਜ ਮੋਰੀਯੰ ॥੪੮॥ (ਦਸਮ-੪੨)

ਜਿਤੇ ਸਰਨ ਜੈ ਹੈ ॥ ਤਿਤਿਓ ਰਾਖ ਲੈ ਹੈ ॥੭੫॥ (ਦਸਮ-੪੪)

ਬਿਨਾ ਸਰਨ ਤਾ ਕੀ ਨਹੀ ਔਰ ਓਟੰ ॥ ਲਿਖੰ ਜੰਤ੍ਰ ਕੇਤੇ ਪੜ੍ਹੇ ਮੰਤ੍ਰ ਕੋਟੰ ॥੭੭॥ (ਦਸਮ-੪੪)

ਬਚੈਗੋ ਨ ਕਿਉ ਹੂੰ ਕਰੈ ਕਾਲ ਚੋਟੰ ॥੬੧॥ (ਦਸਮ-੪੩)

ਭੁਜੰਗ ਪ੍ਰਯਾਤ ਛੰਦ ॥

ਨਮਸਤੁਲ ਪ੍ਰਨਾਮੇ ਸਮਸਤੁਲ ਪ੍ਰਣਾਸੇ ॥ ਅਗੰਜੁਲ ਅਨਾਮੇ ਸਮਸਤੁਲ ਨਿਵਾਸੇ ॥ ਨ੍ਰਿਕਾਮੰ ਬਿਭੂਤੇ ਸਮਸਤੁਲ ਸਰੂਪੇ ॥ ਕੁਕਰਮੰ ਪ੍ਰਣਾਸੀ ਸੁਧਰਮੰ ਬਿਭੂਤੇ ॥੧੯੭॥ ਸਦਾ ਸਚਦਾਨੰਦ ਸਤ੍ਰੰ ਪ੍ਰਣਾਸੀ ॥ ਕਰੀਮੁਲ ਕੁਨਿੰਦਾ ਸਮਸਤੁਲ ਨਿਵਾਸੀ ॥ ਅਜਾਇਬ ਬਿਭੂਤੇ ਗਜਾਇਬ ਗਨੀਮੇ ॥ ਹਰੀਅੰ ਕਰੀਅੰ ਕਰੀਮੁਲ ਰਹੀਮੇ ॥੧੯੮॥ ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ ॥ ਸੁਯੰਭਵ ਸੁਭੰ

ਸਰਬ ਦਾ ਸਰਬ ਜੁਗਤੇ ॥ ਦ੍ਰੁਕਾਲੰ ਪ੍ਰਣਾਸੀ ਦਇਆਲੰ ਸਰੂਪੇ ॥ ਸਦਾ ਅੰਗ ਸੰਗੇ ਅਭੰਗੰ ਬਿਭੂਤੇ ॥੧੯੯॥

(ਦਸਮ-੧੦)

ਡਿਠੇ ਸਭੇ ਥਾਵ ਨਹੀ ਤੁਧੁ ਜੇਹਿਆ ॥ ਬਧੋਹੁ ਪੁਰਖਿ ਬਿਧਾਤੈ ਤਾਂ ਤੂ ਸੋਹਿਆ ॥ ਵਸਦੀ ਸਘਨ ਅਪਾਰ ਅਨੂਪ ਰਾਮਦਾਸ ਪੁਰ ॥ ਹਰਿਹਾਂ ਨਾਨਕ ਕਸਮਲ ਜਾਹਿ ਨਾਇਐ* ਰਾਮਦਾਸ ਸਰ ॥੧੦॥

(੧੩੬੨)

ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ ॥ ਕਾਰਜੁ ਦੇਇ ਸਵਾਰਿ

ਉਚਾਰਨ ਸੇਧ—*ਨਾਇਐ—ਭਾਰਾ ਕਰਕੇ ਬੋਲੋ।

ਸਤਿਗੁਰ ਸਚੁ ਸਾਖੀਐ ॥ ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ ॥ ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ ॥ ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ ॥੨੦॥ (੯੧)

ਜਾਚਕੁ ਮੰਗੈ ਦਾਨੁ ਦੇਹਿ ਪਿਆਰਿਆ ॥ ਦੇਵਣਹਾਰੁ ਦਾਤਾਰੁ ਮੈ ਨਿਤ ਚਿਤਾਰਿਆ ॥ ਨਿਖੁਟਿ ਨ ਜਾਈ ਮੂਲਿ ਅਤੁਲ ਭੰਡਾਰਿਆ ॥ ਨਾਨਕ ਸਬਦੁ ਅਪਾਰੁ ਤਿਨਿ ਸਭੁ ਕਿਛੁ ਸਾਰਿਆ ॥੧॥ (੩੨੦)

ਪਉੜੀ ॥

ਸੁੰਭ ਨਿਸੁੰਭ ਪਠਾਇਆ ਜਮ ਦੇ ਧਾਮ ਨੋ ॥ ਇੰਦ੍ਰ ਸੱਦ ਬੁਲਾਇਆ ਰਾਜ ਅਭਖੇਖ ਨੋ ॥ ਸਿਰ ਪਰ ਛਤ੍ਰ ਫਿਰਾਇਆ ਰਾਜੇ ਇੰਦ੍ਰ ਦੈ ॥ ਚਉਦਹ ਲੋਕਾ ਛਾਇਆ ਜਸੁ ਜਗਮਾਤ ਦਾ ॥ ਦੁਰਗਾ ਪਾਠ ਬਣਾਇਆ ਸਭੇ ਪਉੜੀਆਂ ॥ ਫੇਰ ਨ ਜੂਨੀ ਆਇਆ ਜਿਨ ਇਹ ਗਾਇਆ ॥੫੫॥ (ਦਸਮ-੧੨੭)

# ਅਰਦਾਸਿ

ਤੂ ਠਾਕੁਰੁ ਤੁਮ ਪਹਿ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੀ ਰਾਸਿ ॥ ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥ ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥ ਕੋਇ ਨ ਜਾਨੈ ਤੁਮਰਾ ਅੰਤੁ ॥ ਊਚੇ ਤੇ ਊਚਾ ਭਗਵੰਤ ॥ ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥ ਤੁਮ ਤੇ ਹੋਇ ਸੁ ਆਗਿਆਕਾਰੀ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ॥ ਨਾਨਕ ਦਾਸ ਸਦਾ ਕੁਰਬਾਨੀ ॥੮॥੪॥

(੨੬੮)

ੴ ਵਾਹਿਗੁਰੂ ਜੀ ਕੀ ਫਤੇ ॥
ਸ੍ਰੀ ਭਗਉਤੀ ਜੀ ਸਹਾਇ ॥
ਵਾਰ ਸ੍ਰੀ ਭਗਉਤੀ ਜੀ ਕੀ
ਪਾਤਸ਼ਾਹੀ ੧੦ ॥

ਪ੍ਰਿਥਮ ਭਗੌਤੀ ਸਿਮਰ ਕੈ ਗੁਰ ਨਾਨਕ ਲਈਂ ਧਿਆਇ ॥ ਫਿਰ ਅੰਗਦ ਗੁਰ ਤੇ ਅਮਰਦਾਸ ਰਾਮਦਾਸੈ ਹੋਈ ਸਹਾਇ ॥ ਅਰਜਨ ਹਰਿਗੋਬਿੰਦ ਨੂੰ ਸਿਮਰੌਂ ਸ੍ਰੀ ਹਰਿਰਾਇ ॥ ਸ੍ਰੀ ਹਰਿਕ੍ਰਿਸਨ ਧਿਆਈਐ ਜਿਸੁ ਡਿਠੇ ਸਭ ਦੁਖ ਜਾਇ ॥ ਤੇਗ ਬਹਾਦਰ ਸਿਮਰੀਏ ਘਰ ਨਉਨਿਧ ਆਵੈ ਧਾਇ ॥ ਸਭ ਥਾਈਂ ਹੋਇੰ ਸਹਾਇ ॥੧॥ (ਦਸਮ-੧੧੯)

ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਅੰਮ੍ਰਿਤ ਕੇ ਦਾਤੇ ਕਲਗੀਧਰ ਸੱਚੇ ਪਾਤਸ਼ਾਹ ਮਹਾਂਰਾਜ ਸਭਿ ਥਾਈਂ ਹੋਇੰ ਸਹਾਇ। ਦਸੋਂ ਪਾਤਸ਼ਾਹੀਓਂ ਜੀ ਕੇ ਆਤਮਕ ਸਰੂਪ ਤਖ਼ਤ ਚੱਵਰ ਛੱਤਰ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਆਪ ਜੀ ਕੀ ਮਹਿਮਾ ਕਹੀ

ਨਾ ਜਾਏ ਸਭਿ ਥਾਈਂ ਹੋਇ ਸਹਾਇ ॥

ਸਤਿ ਸ੍ਰੀ ਅਕਾਲ ਪੁਰਖ ਜੀ ਕਾ ਧਿਆਨ ਧਰ ਕੇ ਖ਼ਾਲਸਾ ਜੀ ਸਾਹਿਬ **ਬੋਲੋ ਜੀ ਵਾਹਿਗੁਰੂ ॥**

ਚਾਰ ਸਾਹਿਬਜ਼ਾਦੇ ਸਾਹਿਬ ਅਜੀਤ ਸਿੰਘ ਜੀ ਸਾਹਿਬ ਜੁਝਾਰ ਸਿੰਘ ਜੀ ਸਾਹਿਬ ਜ਼ੋਰਾਵਰ ਸਿੰਘ ਜੀ ਸਾਹਿਬ ਫਤਹਿ ਸਿੰਘ ਜੀ ਪੰਜੋਂ ਪਿਆਰਿਓ ਸਿੰਘੋ ਚਾਲੀ ਮੁਕਤਿਓ ਸਿੰਘੋ ਸ਼ਹੀਦੋ ਮੁਰੀਦੋ ਸਚਿਆਰਿਓ ਪਿਆਰਿਓ ਸਭਿ ਥਾਈਂ ਹੋਇ ਸਹਾਇ ਸਤਿ ਸ੍ਰੀ ਅਕਾਲ ਪੁਰਖ ਜੀ ਕਾ ਖ਼ਾਲਸਾ ਜੀ ਸਾਹਿਬ **ਬੋਲੋ ਜੀ ਵਾਹਿਗੁਰੂ ॥**

ਪੰਜਾਂ ਤਖਤਾਂ ਸਾਹਿਬਾਂ ਸਰਬੱਤ ਗੁਰਦਵਾਰਿਆਂ ਝੰਡਿਆਂ ਬੁੰਗਿਆਂ ਗੁਰਤੀਰਥਾਂ ਨਿਸ਼ਾਨਾਂ ਗੁਰਧਾਮਾਂ ਦਾ ਧਿਆਨ ਧਰਕੇ ਖ਼ਾਲਸਾ ਜੀ ਸਾਹਿਬ **ਬੋਲੋ ਜੀ ਵਾਹਿਗੁਰੂ ॥**

ਜਿਨ੍ਹਾਂ ਪਿਆਰਿਆਂ ਨਾਮ ਜਪਿਆ ਵੰਡ ਕੇ ਛਕਿਆ ਦੇਗ ਚਲਾਈ, ਤੇਗ਼ ਵਾਹੀ ਧਰਮ ਹੇਤ ਸੀਸ ਦਿੱਤੇ ਸਿੱਖੀ ਸਿਦਕ ਭਰੋਸਾ ਨਹੀਂ ਹਾਰਿਆ

ਤਿਨ੍ਹਾਂ ਪਿਆਰਿਆਂ ਸਚਿਆਰਿਆਂ ਸਿਦਕਵਾਨਾਂ ਸਿੰਘਾਂ ਸਿੰਘਣੀਆਂ ਭੁਝੰਗੀ ਸਿੰਘਾਂ, ਸਮੂਹ ਸ਼ਹੀਦਾਂ ਸਿੰਘਾ ਦੀ ਕਮਾਈ ਦਾ ਧਿਆਨ ਧਰਕੇ ਖ਼ਾਲਸਾ ਜੀ ਸਾਹਿਬ ਬੋਲੋ ਜੀ ਵਾਹਿਗੁਰੂ ॥

ਪ੍ਰਿਥਮੈ ਸਮੂਹ ਖ਼ਾਲਸਾ ਜੀ ਕੀ ਅਰਦਾਸ ਹੈ ਸਮੂਹ ਖ਼ਾਲਸਾ ਜੀ ਕੋ ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਨਾਮ ਚਿੱਤ ਆਵੈ ਚਿੱਤ ਆਵਨ ਕਾ ਸਦਕਾ ਸਰਬ ਸੁੱਖ ਹੋਵੈ ਜਹਾਂ ਜਹਾਂ ਗੁਰੂ ਖ਼ਾਲਸਾ ਜੀ ਸਾਹਿਬ ਤਹਾਂ ਤਹਾਂ ਰੱਛਿਆ ਰਿਆਇਤ ਦੇਗ ਤੇਗ ਫਤਹਿ ਬਿਰਦ ਕੀ ਪੈਜ ਰਹੇ ਪੰਥ ਕੀ ਜੀਤ ਸ੍ਰੀ ਸਾਹਿਬ ਜੀ ਸਹਾਇ ਗੁਰੂ ਖ਼ਾਲਸਾ ਜੀ ਕੇ ਬੋਲ ਬਾਲੇ ਬੋਲੋ ਜੀ ਵਾਹਿਗੁਰੂ ॥

ਖ਼ਾਲਸੇ ਜੀ ਕਾ ਮਨ ਨੀਵਾਂ ਮੱਤ ਉੱਚੀ ਮੱਤ ਪੱਤ ਦੇ ਰਾਖੇ ਆਪ ਵਾਹਿਗੁਰੂ ਆਪ ਜੀ ਕੇ ਸਿੱਖਾਂ ਨੂੰ ਸਿੱਖੀ ਦਾਨ ਕੇਸ ਦਾਨ ਰਹਿਤ ਦਾਨ ਬਿਬੇਕ ਦਾਨ ਗੁਰਮਤਿ ਦਾਨ ਵਿਸਾਹ ਦਾਨ ਭਰੋਸਾ ਦਾਨ ਸਿਰ ਦਾਨਾਂ ਕੇ ਦਾਨ ਨਾਮਦਾਨ ਸ੍ਰੀ ਅੰਮ੍ਰਿਤਸਰ ਸਾਹਿਬ

ਜੀ ਕੇ ਦਰਸ਼ਨ ਇਸ਼ਨਾਨ ਚੌਂਕੀਆਂ ਝੰਡੇ ਬੁੰਗੇ ਜੁਗੋ ਜੁਗ ਅਟੱਲ ਧਰਮ ਕਾ ਜੈਕਾਰ ਖ਼ਾਲਸਾ ਜੀ ਸਾਹਿਬ **ਬੋਲੋ ਜੀ ਵਾਹਿਗੁਰੂ ॥**

ਸਤਿ ਸ੍ਰੀ ਅਕਾਲ ਪੁਰਖੁ ਜੀ ਕਾ ਖ਼ਾਲਸਾ ਜੀ ਸਾਹਿਬ **ਬੋਲੋ ਜੀ ਵਾਹਿਗੁਰੂ ॥**

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਜੀ ਆਪ ਜੀ ਕੇ ਹਜੂਰ*.......ਅਰਦਾਸਿ ਹੈ ਜੀ, ਅੱਖਰ ਵਾਧਾ ਘਾਟਾ ਭੁਲ ਚੁੱਕ ਮਾਫ ਕਰਨੀ ॥ ਆਪ ਜੀ ਕੀ ਚਰਨ ਸ਼ਰਨ ਵਿੱਚ ਜੋ ਜੀਅ ਆਵੇ ਸੋ ਰਾਜੀ ਜਾਵੇ। ਸੁਖ ਹੋਵੇ ਨਾਮ ਚਿਤ ਆਵੈ ॥ ਨਾਨਕ ਨਾਮ ਚੜ੍ਹਦੀ ਕਲਾ ਤੇਰੇ ਭਾਣੇ ਸਰਬੱਤ ਦਾ ਭਲਾ ॥

**ਵਾਹਿਗੁਰੂ ਜੀ ਕਾ ਖ਼ਾਲਸਾ ॥**

**ਵਾਹਿਗੁਰੂ ਜੀ ਕੀ ਫਤਹਿ ॥**

---

* ਜਿਸ ਬਾਣੀ ਜਾਂ ਜਿਸ ਕਾਰਜ ਲਈ ਅਰਦਾਸ ਕਰਨੀ ਹੈ, ਇਥੇ ਉਸਦਾ ਜ਼ਿਕਰ ਕਰੋ ਜੀ।

ਦੋਹਰਾ ॥

ਆਗਿਆ ਭਈ ਅਕਾਲ ਕੀ ਤਬੀ ਚਲਾਇਓ ਪੰਥ ॥ ਸਭਿ ਸਿਖਨ ਕੋ ਹੁਕਮ ਹੈ ਗੁਰੂ ਮਾਨੀਓ ਗ੍ਰੰਥ ॥੧॥ ਗੁਰੂ ਗ੍ਰੰਥ ਜੀ ਮਾਨੀਐ ਪ੍ਰਗਟ ਗੁਰਾਂ ਕੀ ਦੇਹ ॥ ਜੋ ਪ੍ਰਭ ਕੋ ਮਿਲਬੋ ਚਹੈ ਖੋਜ ਸਬਦ ਮੈ ਲੇਹ ॥੨॥ (ਸ.ਗੁ.ਪੰ.ਪ੍ਰ. ਅਧਿ ੭੧)

ਰਾਜ ਕਰੇਗਾ ਖਾਲਸਾ ਆਕੀ ਰਹੇ ਨ ਕੋਇ ॥ ਖੁਆਰ ਹੋਇ ਸਭ ਮਿਲੈਂਗੇ ਬਚੇ ਸਰਨ ਜੋ ਹੋਇ ॥੩੯॥ (ਤਨਖਾਹਨਾਮਾ ਭਾਈ ਨੰਦ ਲਾਲ ਜੀ)

ਉਠ ਗਈ ਸਭਾ ਮਲੇਛ ਕੀ ਕਰ ਕੂੜਾ ਪਾਸਾਰ ॥ ਡੰਕਾ ਬਾਜੇ ਫਤਹਿ ਕਾ ਨਿਹਕਲੰਕ ਅਵਤਾਰ ॥ (ਖਾਲਾਸਾ ਨਿਤਨੇਮ, ਬੁੱਢਾ ਦਲ)

ਨਾਨਕ ਗੁਰੂ ਗੋਬਿੰਦ ਸਿੰਘ ਜੀ ਪੂਰਨ ਹਰਿ ਅਵਤਾਰ ॥ ਜਗਮਗ ਜੋਤਿ ਬਿਰਾਜ ਰਹੀ ਸ੍ਰੀ ਅਬਚਲ ਨਗਰ ਅਪਾਰ ॥ (ਸ੍ਰੀ.ਗੁ.ਪੰ. ਪ੍ਰ. ਅਧਿ ੭੧)

ਖੰਡਾ ਜਾ ਕੇ ਹਾਥ ਮੈ ਕਲਗੀ ਸੋਹੈ ਸੀਸ ॥ ਸੋ

ਹਮਰੀ ਰੱਛਿਆ ਕਰੇ ਗੁਰੂ ਕਲਗੀਧਰ ਜਗਦੀਸ ॥ ਵਾਹਿਗੁਰੂ ਨਾਮ ਜਹਾਜ ਹੈ ਚੜ੍ਹੇ ਸੋ ਉਤਰੇ ਪਾਰ ॥ ਜੋ ਸਰਧਾ ਕਰ ਸੇਂਵਦੇ ਗੁਰ ਪਾਰ ਉਤਾਰਨ ਹਾਰ ॥ (ਖਾਲਸਾ ਨਿਤਨੇਮ, ਬੁੱਢਾ ਦਲ)

ਗੱਜ ਕੇ ਜੈਕਾਰਾ ਗਜਾਵੇ, ਫਤੇ ਪਾਵੇ,
ਸੋ ਨਿਹਾਲ ਹੋ ਜਾਵੇ, ਸਤਿ ਸ੍ਰੀ ਅਕਾਲ ॥

ਗੁਰ ਬਰ ਅਕਾਲ ਚਿਟਿਆਂ ਬਾਜਾਂ ਵਾਲਿਓ ਸਤਿਗੁਰੋ ਰਖਲਿਓ ਬਿਰਦ ਬਾਣੇ ਦੀ ਲਾਜ ਹਠੀਓ ਜਪੀਓ ਤਪੀਓ, ਸ਼ਹੀਦੋ ਸਿੰਘੋ ਸਰਬੱਤ ਗੁਰੂ ਖਾਲਸਾ ਸਿੰਘ ਸਾਹਿਬ ਜੀ ਕੋ ਸਤਿ ਸ੍ਰੀ ਅਕਾਲ, ਲਾਡਲੀਆਂ ਫ਼ੌਜਾਂ ਦੇ ਮਾਲਕੋ ਸਤਿਗੁਰੋ ਫ਼ੌਜਾਂ ਰਖਣੀਆਂ ਤਿਆਰ ਬਰ ਤਿਆਰ ਸੋਢੀ ਸਚੇ ਪਾਤਿਸ਼ਾਹ ਜੀ ਮਹਾਰਾਜ ਆਪ ਜੀ ਦਾ ਖ਼ਾਲਸਾ ਜਪੇ ਅਕਾਲ ਹੀ ਅਕਾਲ ਗੁਰ ਬਰ ਅਕਾਲ ਦੇਗ ਤੇਗ ਫ਼ਤੇ ਗੁਰੂ ਖ਼ਾਲਸੇ ਦੀ ਹਰ ਮੈਦਾਨ ਫਤੇ ।

ਵਾਹਿਗੁਰੂ ਜੀ ਕਾ ਖ਼ਾਲਸਾ ॥
ਵਾਹਿਗੁਰੂ ਜੀ ਕੀ ਫ਼ਤਹਿ ॥

# ਕੀਰਤਨ ਸੋਹਿਲਾ

ਸੋਰਠਿ ਮਹਲਾ ੫ ॥

ਗੁਰ ਕਾ ਸਬਦੁ ਰਖਵਾਰੇ ॥ ਚਉਕੀ ਚਉਗਿਰਦ ਹਮਾਰੇ ॥ ਰਾਮ ਨਾਮਿ ਮਨੁ ਲਾਗਾ ॥ ਜਮੁ ਲਜਾਇ* ਕਰਿ ਭਾਗਾ ॥੧॥ ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਨਾਨਕ ਪ੍ਰਭੁ ਅਬਿਨਾਸੀ ॥ ਤਾ ਕੀ ਸੇਵ ਨ ਬਿਰਥੀ ਜਾਸੀ ॥

ਉਚਾਰਨ ਸੇਧ—*ਲੱਜਾਇ ਬੋਲੋ ।

ਅਨਦ ਕਰਹਿ ਤੇਰੇ ਦਾਸਾ ॥ ਜਪਿ ਪੂਰਨ ਹੋਈ ਆਸਾ ॥੨॥੪॥੬੮॥

(੬੨੬)

ਬਿਲਾਵਲੁ ਮਹਲਾ ੫ ॥

ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ ॥ ਚਉਗਿਰਦ ਹਮਾਰੈ ਰਾਮ ਕਾਰ ਦੁਖੁ ਲਗੈ ਨ ਭਾਈ ॥੧॥ ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ ॥ ਰਾਮ ਨਾਮੁ ਅਉਖਧੁ ਦੀਆ ਏਕਾ ਲਿਵ ਲਾਈ ॥੧॥ ਰਹਾਉ ॥ ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ ਮਿਟਾਈ ॥ ਕਹੁ ਨਾਨਕ ਕਿਰਪਾ ਭਈ

ਪ੍ਰਭ ਭਏ ਸਹਾਈ ॥੨॥੧੫॥੭੯॥

(੮੧੯)

ਸਲੋਕੁ ॥

ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ ॥ ਣਾ ਹਉ ਣਾ ਤੂੰ ਣਹ ਛੁਟਹਿ ਨਿਕਟਿ ਨ ਜਾਈਅਹੁ ਦੂਤ ॥੧॥

(੨੫੬)

ਸਲੋਕ ਮਃ ੫ ॥

ਮਨ ਮਹਿ ਚਿਤਵਉ ਚਿਤਵਨੀ ਉਦਮੁ ਕਰਉ ਉਠਿ ਨੀਤ ॥ ਹਰਿ ਕੀਰਤਨ ਕਾ ਆਹਰੋ ਹਰਿ ਦੇਹੁ ਨਾਨਕ ਕੇ ਮੀਤ ॥੧॥

(੫੧੯)

ਪਉੜੀ ॥

ਰੈਣਿ ਦਿਨਸੁ ਪਰਭਾਤਿ ਤੂਹੈ ਹੀ ਗਾਵਣਾ ॥ ਜੀਅ ਜੰਤ ਸਰਬਤ ਨਾਉ ਤੇਰਾ ਧਿਆਵਣਾ ॥ ਤੂ ਦਾਤਾ ਦਾਤਾਰੁ ਤੇਰਾ ਦਿਤਾ ਖਾਵਣਾ ॥ ਭਗਤ ਜਨਾ ਕੈ ਸੰਗਿ ਪਾਪ ਗਵਾਵਣਾ ॥ ਜਨ ਨਾਨਕ ਸਦ ਬਲਿਹਾਰੈ ਬਲਿ ਬਲਿ ਜਾਵਣਾ ॥੨੫॥

(੬੫੨)

# ਸੋਹਿਲਾ

ਰਾਗੁ ਗਉੜੀ ਦੀਪਕੀ ਮਹਲਾ ੧

ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥ ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥ ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥ ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥ ਰਹਾਉ ॥ ਨਿਤ ਨਿਤ ਜੀਅੜੇ

ਸਮਾਲੀਅਨਿ ਦੇਖੈਗਾ ਦੇਵਣਹਾਰੁ ॥
ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ
ਦਾਤੇ ਕਵਣੁ ਸੁਮਾਰੁ ॥੨॥ ਸੰਬਤਿ
ਸਾਹਾ ਲਿਖਿਆ ਮਿਲਿ ਕਰਿ ਪਾਵਹੁ
ਤੇਲੁ ॥ ਦੇਹੁ ਸਜਣ ਅਸੀਸੜੀਆ
ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥
ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ
ਪਵੰਨਿ ॥ ਸਦਣਹਾਰਾ ਸਿਮਰੀਐ
ਨਾਨਕ ਸੇ ਦਿਹ ਆਵੰਨਿ ॥੪॥੧॥

ਰਾਗੁ ਆਸਾ ਮਹਲਾ ੧ ॥

ਛਿਅ ਘਰ ਛਿਅ ਗੁਰ ਛਿਅ
ਉਪਦੇਸ ॥ ਗੁਰੁ ਗੁਰੁ ਏਕੋ ਵੇਸ

ਅਨੇਕ ॥੧॥ ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥ ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥ ਸੂਰਜੁ ਏਕੋ ਰੁਤਿ ਅਨੇਕ ॥ ਨਾਨਕ ਕਰਤੇ ਕੇ ਕੇਤੇ ਵੇਸ ॥੨॥੨॥

ਰਾਗੁ ਧਨਾਸਰੀ ਮਹਲਾ ੧ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨ ਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ॥ ਭਵ ਖੰਡਨਾ

ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋੁਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ

ਅਨਦਿਨੁ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ ॥੪॥੩॥

ਰਾਗੁ ਗਉੜੀ ਪੂਰਬੀ ਮਹਲਾ ੪ ॥

ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥ ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥੧॥ ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥ ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥ ਸਾਕਤ ਹਰਿ ਰਸ ਸਾਦੁ ਨ

ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ ॥ ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥੨॥ ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥ ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥੩॥ ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ ॥ ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ ॥੪॥੪॥

ਰਾਗੁ ਗਉੜੀ ਪੂਰਬੀ ਮਹਲਾ ੫ ॥

ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ* ॥ ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥੧॥ ਅਉਧ ਘਟੈ ਦਿਨਸੁ ਰੈਣਾਰੇ* ॥ ਮਨ ਗੁਰ ਮਿਲਿ ਕਾਜ ਸਵਾਰੇ ॥੧॥ ਰਹਾਉ ॥ ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮ ਗਿਆਨੀ ॥ ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥੨॥ ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ

ਉਚਾਰਨ ਸੇਧ—*ਬੇਲਾ—ਪੋਲਾ ਬੋਲੋ, ਰੈਣਾ-ਰੇ—ਇਕੱਠਾ ਬੋਲੋ।

ਬਸੇਰਾ ॥ ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥ ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ ॥ ਨਾਨਕ ਦਾਸੁ ਇਹੈ ਸੁਖੁ ਮਾਗੈ ਮੋ ਕਉ ਕਰਿ ਸੰਤਨ ਕੀ ਧੂਰੇ ॥੪॥੫॥ (੧੨-੧੩)

ਵਾਹਿਗੁਰੂ ਜੀ ਕਾ ਖ਼ਾਲਸਾ ॥
ਵਾਹਿਗੁਰੂ ਜੀ ਕੀ ਫ਼ਤਹਿ ॥